SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 29 | Monday, 17 February 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

FreshPro FOODMART

Castlemore Rd
Williams Pkwy
Airport Rd
Queen St E

9125 Airport Rd, Brampton, ON, L6S 0B8
Tel: 905-799-9001 | www.freshprofoodmart.com
OPEN 7 DAYS A WEEK | 9AM TO 9PM

BRAMPTON LOCATION
OPENING SALE

- IF Coconut Water 350ml 77¢/EA
- Shing Kee Sriracha Chili Sauce 793g $1.57/EA
- Unico 100% Pure Vegetable Oil 2L $5.99/EA
- Global Choice Premium Quality Urad Whole 4lb $5.99/EA
- Astro Yogourt Series 750g $2.99/EA
- Patty King Patties Series 1.4kg $9.99/EA
- Sanford New Zealand Greenshell Mussels 2lb $8.99/EA
- Fresh Chicken Leg Meat $3.29/LB
- Bone-In Beef Shank $3.99/LB
- Boneless Pork Butt $2.39/LB
- Frozen Mutton Shoulder $2.88/LB
- Smoked Pork Picnic Shoulder $3.99/LB
- Fresh Whole Salmon $3.99/LB
- Frozen Fresh Squid U3/4 $3.99/LB
- 10lb Onions $2.99/BAG
- Yellow Papaya 99¢/LB

PRODUCE
- Brown Shimeiji Mushroom 150g 99¢/EA
- White Shimeiji Mushroom 150g 99¢/EA
- Napa Cabbage 79¢/LB
- Head On Spinach $1.79/LB
- Shanghai Bok $1.28/LB
- Cassava 99¢/LB
- Butternut Squash 69¢/LB
- Jamaican Yellow Yam $3.88/LB
- Indian Parwal $4.99/LB
- Indian Guar Bean $4.99/LB
- Indian Eddo $4.99/LB
- Golden Delicious Apple in Bag 5lbs $4.88/BAG
- Red Delicious Apple in Bag 5lbs $4.88/BAG
- Sunkist Orange LARGE $1.59/LB
- Sweet Clementines $1.79/LB

MEAT + SEAFOOD
- Rougie Duck Foie Gras $14.99/EA
- Pork Jowl Meat $6.99/LB
- Best Choice Beef Brisket Roll $6.99/LB
- Beef Tripe $3.99/LB
- Frozen Young Duck $4.99/LB
- Young Chicken $1.99/LB
- Pork Ear $3.99/LB
- Beef Neck Bone $2.99/LB
- Frozen Fresh Cutlass Fish $2.99/LB
- Frozen Fresh Lobster $3.99/LB
- Live Shell On Oyster $3.99/EA
- Fresh Indian Ocean White Pomfret $12.99/LB
- Fresh Black Tiger Shrimp 16-25 $6.99/LB
- Frozen Fresh Tilapia $2.59/LB
- Guyanese Gilbeka $5.59/LB
- Guyanese Bangamary Fillet $4.99/LB

GROCERY
- Grace Coconut Milk Powder 50g 77¢/EA
- Vita Malt Classic Non-Alcoholic Malt Beverage 330ml $1.00/EA
- Ovaltine Cookies 150g $1.57/EA
- Grace Dry Pigeon Peas 540ml $1.57/EA
- Grace Dry Lima Beans 540ml $1.99/EA
- Y&Y 3 Minute Chow Mein 454g $1.99/EA
- Nescafe 1+2 Instant Coffee 10x15g $1.99/EA
- Pringles Assorted Potato Chips 156g $2.77/EA
- Geeta Trinidad Style Green Seasoning 946ml $5.99/EA
- Mr. Goudas Calrose Rice 15lb $10.99/EA
- Handi Roasted Chana 400g $1.77/EA
- Britannia 50 50 Sweet & Salty Crackers Family Pack 372g $1.99/EA
- Quality Soya Chunks 400g $1.99/EA
- Tiger Brand Tamarind Paste (Seedless) 400g $1.99/EA
- UFC Tamis Anghang Banana Sauce 500g $1.99/EA
- Savoy Coconut Cream 400ml $2.59/EA
- Sunny D Smooth/Tangy Orange Citrus Punch 3.78L $4.99/EA
- Sher Super Fine Besan Chana Flour 4lb $4.99/EA
- Quality Moong Sabut 4lb $5.99/EA
- Lipton Yellow Label Loose Tea 900g $10.99/EA

FROZEN + DAIRY
- Pran Plain Paratha 2400g $5.99/EA
- Frozen Basa Steak 600g $2.59/EA
- Frozen Mackerel BY WEIGHT $1.99/LB
- AA-1 Galunggong 454g $1.99/EA
- 3Fish Swimming Crab 500g $3.99/EA
- Choripdong Assorted Fish Balls 500g $3.99/EA
- 26/30 Easy Peel White Shrimp 2lb $10.99/EA
- O'Ya Hoho IQF Chopped Spinach 750g 2/$3.00
- TYJ Spring Roll Pastry 8inch 275g $1.29/EA
- Apna Taste Rasmalai Series 850g $7.99/EA
- Neilson Milkshake Series 310g 2/$3.00
- Bob's Bacon 375g 2/$5.00

BAKERY
- Crispy Roti 15pcs 750g $2.99/EA
- HTB Spiced Bun 130g 99¢/EA
- Golden Punjabi Biscuit Series 1.1kg $5.99/EA
- Crispy Pound Cake Series 368g $2.99/EA
- Taza Tandoori Naans Series 680g 2/$5.00

RESTAURANT WHOLESALE
- 50lb Carrot $22.99/BAG
- 50lb Onion $19.99/BAG
- 50lb Potato $22.99/BAG
- Beef Outside Round $5.59/LB
- Chicken Leg Meat 25kg $180.00/CASE
- Bulacan Banana Leaves 20x454g $28.00/CASE
- White Eggs 6x30pcs $55.00/CASE
- Vegetable Spring Roll 1kg $35.00/CASE
- Spring Home TYJ Spring Roll Pastry 8.5inch 20 sheet x 40pks $55.00/CASE
- Golden Ray Sunflower Oil 5L $12.99/EA
- Mr. Goudas Long Grain Palakkadan Matta Rice 22lb $18.99/EA

* Check price on store display tags in case of disrepancy due to printing error in the advertisement. FreshPro Foodmart reserves the right to limit quantities. No raincheck.

# ਪੱਛਮੀ ਮੁਲਕ ਪੱਛਮ ਦੇ ਬਾਹਰ ਦੇ ਸਫ਼ਲ ਮਾਡਲ ਨੂੰ ਵੀ ਅਪਣਾਉਣ : ਐੱਸ ਜੈਸ਼ੰਕਰ

ਮਿਊਨਿਖ, 16 ਫਰਵਰੀ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਲੋਕਤੰਤਰ ਨੂੰ 'ਪੱਛਮੀ ਖਾਸੀਅਤ' ਮੰਨਣ ਨੂੰ ਲੈ ਕੇ ਪੱਛਮੀ ਮੁਲਕਾਂ 'ਤੇ ਤਨਜ਼ ਕੱਸਿਆ ਅਤੇ ਉਨ੍ਹਾਂ 'ਤੇ ਦੋਸ਼ ਲਾਇਆ ਕਿ ਉਹ ਆਪਣੇ ਮੁਲਕ 'ਚ ਜਿਸ ਗੱਲ ਨੂੰ ਅਹਿਮੀਅਤ ਦਿੰਦੇ ਹਨ, ਉਸ ਦਾ ਵਿਦੇਸ਼ 'ਚ ਪਾਲਣ ਨਹੀਂ ਕਰਦੇ ਹਨ। ਜੈਸ਼ੰਕਰ ਨੇ ਸ਼ੁੱਕਰਵਾਰ ਨੂੰ ਮਿਊਨਿਖ ਸੁਰੱਖਿਆ ਸੰਮੇਲਨ 'ਚ ਪੈਨਲ ਚਰਚਾ ਦੌਰਾਨ ਇਹ ਟਿੱਪਣੀਆਂ ਕੀਤੀਆਂ। ਉਨ੍ਹਾਂ ਇਹ ਵੀ ਕਿਹਾ, ''ਜੇ ਤੁਸੀਂ ਚਾਹੁੰਦੇ ਹੋ ਕਿ ਅਖੀਰ ਲੋਕਤੰਤਰ ਕਾਇਮ ਰਹੇ ਤਾਂ ਇਹ ਅਹਿਮ ਹੈ ਕਿ ਪੱਛਮ ਵੀ ਪੱਛਮ ਦੇ ਬਾਹਰ ਦੇ ਸਫ਼ਲ ਮਾਡਲ (ਲੋਕਤੰਤਰ) ਨੂੰ ਅਪਣਾਏ।



ਇਕ ਸਮਾਂ ਸੀ ਜਦੋਂ ਪੱਛਮੀ ਲੋਕਤੰਤਰ ਨੂੰ ਉਹ ਆਪਣੀ ਖਾਸੀਅਤ ਮੰਨਦਾ ਸੀ ਅਤੇ ਆਲਮੀ ਦੱਖਣ 'ਚ ਗ਼ੈਰ-ਜਮਹੂਰੀ ਤਾਕਤਾਂ ਨੂੰ ਹੱਲਾਸ਼ੇਰੀ ਦੇਣ 'ਚ ਰੁੱਝਿਆ ਹੋਇਆ ਸੀ। ਇਹੋ ਕੁਝ ਹੁਣ ਵੀ ਹੋ ਰਿਹਾ ਹੈ। ਤੁਸੀਂ ਘਰ 'ਚ ਜਿਸ ਗੱਲ ਨੂੰ ਮਹੱਤਵ ਦਿੰਦੇ ਹੋ, ਉਸ ਦਾ ਵਿਦੇਸ਼ 'ਚ ਪਾਲਣ ਨਹੀਂ ਕਰਦੇ ਹੋ।''

ਜੈਸ਼ੰਕਰ ਨੇ ਕਿਹਾ ਕਿ ਭਾਰਤ ਸਾਰੀਆਂ ਚੁਣੌਤੀਆਂ ਦੇ ਬਾਵਜੂਦ ਜਮਹੂਰੀ ਮਾਡਲ ਪ੍ਰਤੀ ਵਫ਼ਦਾਰ ਰਿਹਾ ਹੈ। ਜੈਸ਼ੰਕਰ ਤੋਂ ਇਲਾਵਾ ਪੈਨਲ 'ਚ ਨੌਰਵੇ ਦੇ ਪ੍ਰਧਾਨ ਮੰਤਰੀ ਜੋਨਾਸ ਗਹਰ ਸਟੋਰ, ਅਮਰੀਕੀ ਸੈਨੇਟਰ ਐਲਿਸਾ ਸਲੋਟਿਕਨ ਅਤੇ ਵਾਰਸਾ ਦੇ ਮੇਅਰ ਰਫ਼ਾਲ ਟ੍ਰਜ਼ਾਸਕੋਵਸਕ ਸ਼ਾਮਲ ਸਨ। ਵਿਦੇਸ਼ ਮੰਤਰੀ ਨੇ ਕਿਹਾ ਕਿ ਭਾਰਤ 80 ਕਰੋੜ ਲੋਕਾਂ ਲਈ ਮੁਫ਼ਤ 'ਚ ਭੋਜਨ ਦਾ ਪ੍ਰਬੰਧ ਕਰਦਾ ਹੈ। ਉਨ੍ਹਾਂ ਅਮਰੀਕੀ ਸੈਨੇਟਰ ਦੀ ਇਸ ਟਿੱਪਣੀ ਦਾ ਖੰਡਨ ਕੀਤਾ ਕਿ ਲੋਕਤੰਤਰ ਭੋਜਨ ਦਾ ਪ੍ਰਬੰਧ ਨਹੀਂ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਉਹ ਕਿੰਨੇ ਕੁ ਸਿਹਤਮੰਦ ਹਨ ਅਤੇ ਉਨ੍ਹਾਂ ਦਾ ਢਿੱਡ ਕਿੰਨਾ ਕੁ ਭਰਿਆ ਹੋਇਆ ਹੈ।

ਜੈਸ਼ੰਕਰ ਨੇ ਕਿਹਾ ਕਿ ਦਿੱਲੀ 'ਚ ਹੁਣੇ-ਹੁਣੇ ਚੋਣਾਂ ਹੋਈਆਂ ਹਨ। ਪਿਛਲੇ ਵਰ੍ਹੇ ਹੋਈਆਂ ਲੋਕ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਕਰੀਬ 90 ਕਰੋੜ ਵੋਟਰਾਂ 'ਚੋਂ ਲਗਪਗ 70 ਕਰੋੜ ਨੇ ਆਪਣੇ ਹੱਕ ਦੀ ਵਰਤੋਂ ਕੀਤੀ ਸੀ ਅਤੇ ਅਸੀਂ ਇਕ ਹੀ ਦਿਨ 'ਚ ਵੋਟਾਂ ਦੀ ਗਿਣਤੀ ਵੀ ਕਰ ਲਈ ਸੀ।

# ਦੱਖਣੀ ਆਸਟਰੀਆ ਵਿੱਚ 23 ਸਾਲਾ ਨੌਜਵਾਨ ਨੇ ਰਾਹਗੀਰਾਂ 'ਤੇ ਚਾਕੂ ਨਾਲ ਕੀਤਾ ਹਮਲਾ

## ਨਾਬਾਲਿਗ ਦੀ ਮੌਤ, ਪੰਜ ਜ਼ਖ਼ਮੀ



ਵੀਏਨਾ, 16 ਫਰਵਰੀ (ਪੋਸਟ ਬਿਊਰੋ): ਬੀਤੇ ਦਿਨ ਦੱਖਣੀ ਆਸਟਰੀਆ ਵਿੱਚ 23 ਸਾਲਾ ਇੱਕ ਨੌਜਵਾਨ ਨੇ ਛੇ ਰਾਹਗੀਰਾਂ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਪੁਲਿਸ ਦਾ ਕਹਿਣਾ ਹੈ ਕਿ ਇਹ ਇਕ ਬੇਤਰਤੀਬ ਹਮਲਾ ਸੀ, ਜਿਸ ਵਿੱਚ ਇਕ 14 ਸਾਲਾ ਨਾਬਾਲਿਗ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖ਼ਮੀ ਹੋ ਗਏ। ਪੁਲਿਸ ਨੇ ਕਿਹਾ ਕਿ ਸ਼ੱਕੀ ਨੂੰ ਵਿਲਾਚ ਸ਼ਹਿਰ ਤੋਂ ਹਿਰਾਸਤ ਵਿੱਚ ਲਿਆ ਗਿਆ, ਜਿੱਥੇ ਹਮਲਾ ਹੋਇਆ ਸੀ। ਉਨ੍ਹਾਂ ਕਿਹਾ ਕਿ ਉਹ ਆਸਟਰੀਆ ਵਿੱਚ ਕਾਨੂੰਨੀ ਤੌਰ 'ਤੇ ਰਹਿਣ ਵਾਲਾ ਇਕ ਸੀਰਿਆਈ ਨਾਗਰਿਕ ਹੈ।

ਪੁਲਿਸ ਦੇ ਤਰਜਮਾਨ ਰੇਨਰ ਡਾਇਓਨਿਸਿਓ ਨੇ ਕਿਹਾ ਕਿ ਹਮਲੇ ਪਿਛਲੇ ਮਕਸਦ ਦਾ ਤੁਰੰਤ ਪਤਾ ਨਹੀਂ ਲੱਗ ਸਕਿਆ ਹੈ। ਉਨ੍ਹਾਂ ਕਿਹਾ ਕਿ ਪੁਲੀਸ ਹਮਲਾਵਰ ਦੇ ਨਿੱਜੀ ਪਿਛੋਕੜ ਦੀ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ, ''ਸਾਨੂੰ ਸਹੀ ਜਾਣਕਾਰੀ ਮਿਲਣ ਤੱਕ ਇੰਤਜ਼ਾਰ ਕਰਨਾ ਹੋਵੇਗਾ।'' ਪੁਲੀਸ ਨੇ ਕਿਹਾ ਕਿ ਇਕ 42 ਸਾਲਾ ਵਿਅਕਤੀ, ਜੋ ਕਿ ਖੁਰਾਕੀ ਵਸਤਾਂ ਦੀ ਡਿਲਿਵਰੀ ਕਰਨ ਵਾਲੀ ਇਕ ਕੰਪਨੀ ਵਿੱਚ ਕੰਮ ਕਰਦਾ ਹੈ, ਨੇ ਆਪਣੀ ਕਾਰ ਵਿੱਚੋਂ ਸਾਰੀ ਘਟਨਾ ਨੂੰ ਦੇਖਿਆ। ਉਸ ਨੇ ਆਪਣੀ ਕਾਰ ਸ਼ੱਕੀ ਵੱਲ ਵਧਾਈ ਅਤੇ ਹਾਲਾਤ ਹੋਰ ਵਿਗੜਨ ਤੋਂ ਰੋਕ ਲਏ।

# ਟਰੰਪ ਪ੍ਰਸ਼ਾਸਨ ਨੇ 10 ਹਜ਼ਾਰ ਮੁਲਾਜ਼ਮ ਨੌਕਰੀ ਤੋਂ ਕੱਢੇ

ਵਾਸ਼ਿੰਗਟਨ, 16 ਫਰਵਰੀ (ਪੋਸਟ ਬਿਊਰੋ): ਡੋਨਾਲਡ ਟਰੰਪ ਪ੍ਰਸ਼ਾਸਨ ਨੇ ਸਰਕਾਰੀ ਖ਼ਰਚੇ ਨੂੰ ਘੱਟ ਕਰਨ ਦੀ ਦਿਸ਼ਾ 'ਚ ਇਕ ਹੋਰ ਕਦਮ ਚੁਕਦਿਆਂ 9,500 ਤੋਂ ਜ਼ਿਆਦਾ ਮੁਲਾਜ਼ਮਾਂ ਨੂੰ ਨੌਕਰੀਉਂ ਕੱਢ ਦਿਤਾ ਹੈ। ਇਨ੍ਹਾਂ 'ਚ ਅੰਦਰੂਨੀ, ਊਰਜਾ, ਪੁਰਾਣੇ ਮਾਮਲਿਆਂ, ਖੇਤੀ ਤੇ ਸਿਹਤ ਤੇ ਮਨੁੱਖੀ ਸੇਵਾ ਵਿਭਾਗਾਂ ਦੇ ਮੁਲਾਜ਼ਮ ਸ਼ਾਮਿਲ ਹਨ। ਇਹ ਉਨ੍ਹਾਂ 75 ਹਜ਼ਾਰ ਮਜ਼ਦੂਰਾਂ ਤੋਂ ਇਲਾਵਾ ਹਨ, ਜਿਨ੍ਹਾਂ ਨੇ ਅਪਣੀ ਇੱਛਾ ਨਾਲ ਨੌਕਰੀ ਛੱਡਣ ਦੀ ਪੇਸ਼ਕਸ਼ ਸਵੀਕਾਰੀ ਸੀ।



ਟਰੰਪ ਦਾ ਕਹਿਣਾ ਹੈ ਕਿ ਸੰਘੀ ਸਰਕਾਰ 'ਚ ਬਹੁਤ ਸਾਰਾ ਪੈਸਾ ਬਰਬਾਦ ਹੋ ਗਿਆ ਹੈ। ਸਰਕਾਰ 'ਤੇ ਕਰੀਬ 36 ਟ੍ਰਿਲੀਅਨ ਡਾਲਰ ਦਾ ਕਰਜ਼ਾ ਹੈ ਤੇ ਪਿਛਲੇ ਸਾਲ ਉਸ ਨੂੰ 1.8 ਟ੍ਰਿਲੀਅਨ ਡਾਲਰ ਦਾ ਘਾਟਾ ਹੋਇਆ ਸੀ। ਸੁਧਾਰ ਦੀ ਲੋੜ 'ਤੇ ਦੋਵਾਂ ਪਾਰਟੀਆਂ 'ਚ ਸਹਿਮਤੀ ਹੈ ਪਰ ਡੈਮੋਕ੍ਰੇਟਸ ਦਾ ਕਹਿਣਾ ਹੈ ਕਿ ਟਰੰਪ ਸੰਘੀ ਖ਼ਰਚ 'ਤੇ ਵਿਧਾਨਪਾਲਿਕਾ ਦੇ ਸੰਵਿਧਾਨਕ ਅਧਿਕਾਰ ਦਾ ਕਬਜ਼ਾ ਕਰ ਰਹੇ ਹਨ। ਸੂਤਰਾਂ ਨੇ ਕਿਹਾ ਕਿ ਮਸਕ ਦੀਆਂ ਕੋਸ਼ਿਸ਼ਾਂ ਦੀ ਰਫ਼ਤਾਰ ਨੇ ਤਾਲਮੇਲ ਦੀ ਕਮੀ ਨੂੰ ਲੈ ਕੇ ਟਰੰਪ ਦੇ ਕੁੱਝ ਸਹਿਯੋਗੀਆਂ 'ਚ ਨਿਰਾਸ਼ਾ ਪੈਦਾ ਕੀਤੀ ਹੈ।

ਨੌਕਰੀ 'ਚ ਕਟੌਤੀ ਤੋਂ ਜਾਣੂ ਸੂਤਰਾਂ ਨੇ ਕਿਹਾ ਕਿ ਅਮਰੀਕੀ ਰੋਗ ਕੰਟਰੋਲ ਤੇ ਰੋਕਥਾਮ ਕੇਂਦਰ ਦੇ ਲਗਭਗ ਅੱਧੇ ਪ੍ਰੋਬੇਸ਼ਨਰ ਮੁਲਾਜ਼ਮਾਂ ਤੇ ਰਾਸ਼ਟਰੀ ਸਿਹਤ ਸੰਸਥਾਨ ਦੇ ਹੋਰ ਮੁਲਾਜ਼ਮਾਂ ਨੂੰ ਜਬਰੀ ਕਢਿਆ ਜਾ ਰਿਹਾ ਹੈ। ਅਮਰੀਕੀ ਜੰਗਲਾਤ ਸੇਵਾ ਲਗਭਗ 3,400 ਹਾਲੀਆ ਨਿਯੁਕਤੀਆਂ ਨੂੰ ਕੱਢ ਰਹੀ ਹੈ, ਜਦਕਿ ਰਾਸ਼ਟਰੀ ਬਾਗ਼ਬਾਨ ਸੇਵਾ ਲਗਭਗ 1,000 ਨੌਕਰੀਆਂ ਨੂੰ ਖ਼ਤਮ ਕਰ ਰਹੀ ਹੈ।

ਕਰ ਸੰਗ੍ਰਹਿ ਕਰਨ ਵਾਲੀ ਅੰਦਰੂਨੀ ਮਾਲ ਸੇਵਾ ਅਗਲੇ ਹਫਤੇ ਹਜ਼ਾਰਾਂ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੀ ਤਿਆਰੀ ਕਰ ਰਹੀ ਹੈ। ਅਮਰੀਕੀ ਵਾਤਾਵਰਨ ਸੰਭਾਲ ਏਜੰਸੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸ ਨੇ ਪਿਛਲੇ ਦੋ ਸਾਲਾਂ 'ਚ ਕੰਮ 'ਤੇ ਰੱਖੇ ਗਏ 388 ਮੁਲਾਜ਼ਮਾਂ ਨੂੰ ਬਰਖ਼ਾਸਤ ਕਰ ਦਿਤਾ ਹੈ। ਹੋਰ ਖ਼ਰਚਾ ਕਟੌਤੀ ਨੇ ਚਿੰਤਾਵਾਂ ਵਧਾ ਦਿਤੀਆਂ ਹਨ। ਮਹੱਤਵਪੂਰਨ ਸੇਵਾਵਾਂ ਖਤਰੇ 'ਚ ਹਨ। ਲਾਸ ਏਂਜਲਸ 'ਚ ਜੰਗਲ ਦੀ ਅੱਗ ਨਾਲ ਹੋਈ ਤਬਾਹੀ ਦੇ ਇਕ ਮਹੀਨੇ ਬਾਅਦ ਕਟੌਤੀ ਤੋਂ ਪ੍ਰਭਾਵਿਤ ਸੰਗਠਨਾਂ ਨੇ ਆਰਜ਼ੀ ਤੌਰ 'ਤੇ ਫ਼ਾਇਰ ਬ੍ਰਿਗੇਡ ਮੁਲਾਜ਼ਮਾਂ ਨੂੰ ਕੰਮ 'ਤੇ ਰੱਖਣਾ ਬੰਦ ਕਰ ਦਿਤਾ ਹੈ।

# ਹਮਾਸ ਨੇ ਤਿੰਨ ਹੋਰ ਇਜ਼ਰਾਇਲੀ ਬੰਦੀਆਂ ਨੂੰ ਕੀਤਾ ਰਿਹਾਅ

ਤਲਅਵੀਵ, 16 ਫਰਵਰੀ (ਪੋਸਟ ਬਿਊਰੋ): ਹਮਾਸ ਨੇ ਅੱਜ ਤਿੰਨ ਹੋਰ ਇਜ਼ਰਾਇਲੀ ਬੰਦੀਆਂ ਨੂੰ ਰਿਹਾਅ ਕਰ ਦਿੱਤਾ ਹੈ। ਇਸ ਨਾਲ ਜੰਗ ਮੁੜ ਸ਼ੁਰੂ ਹੋਣ ਦਾ ਖ਼ਤਰਾ ਟਲ ਗਿਆ ਹੈ। ਹਮਾਸ ਨੇ ਬੰਦੀਆਂ ਨੂੰ ਗਾਜ਼ਾ ਪੱਟੀ 'ਚ ਰੈੱਡਕ੍ਰਾਸ ਹਵਾਲੇ ਕੀਤਾ। ਉਧਰ ਇਜ਼ਰਾਈਲ ਨੇ ਵੀ 369 ਫਲਸਤੀਨੀਆਂ ਨੂੰ ਛੱਡ ਦਿੱਤਾ ਹੈ। ਇਜ਼ਰਾਇਲੀ ਫੌਜ ਨੇ ਇਕ ਬਿਆਨ 'ਚ ਕਿਹਾ ਕਿ ਰਿਹਾਅ ਕੀਤੇ ਗਏ ਤਿੰਨ ਵਿਅਕਤੀ ਉਨ੍ਹਾਂ ਕੋਲ ਪਹੁੰਚ ਹਨ। ਹਮਾਸ ਨੇ ਬੰਦੀਆਂ ਨੂੰ ਰਿਹਾਅ ਕਰਨ ਤੋਂ ਪਹਿਲਾਂ ਉਨ੍ਹਾਂ ਦੀ ਦੱਖਣੀ ਗਾਜ਼ਾ ਪੱਟੀ 'ਚ ਭੀੜ ਸਾਹਮਣੇ ਪਰੇਡ ਕਰਵਾਈ ਅਤੇ ਫਿਰ ਰੈੱਡਕ੍ਰਾਸ ਹਵਾਲੇ ਕੀਤਾ।



ਰਿਹਾਅ ਕੀਤੇ ਗਏ ਵਿਅਕਤੀਆਂ ਦੀ ਪਛਾਣ ਆਇਰ ਹੌਰਨ (46), ਸਾਗੂਈ ਡੇਕੇਲ ਚੇਨ (36) ਅਤੇ ਅਲੈਗਜ਼ੈਂਡਰ (ਸਾਸ਼ਾ) ਟਰੌਫਾਨੋਵ (29) ਵਜੋਂ ਹੋਈ ਹੈ। ਕਰੀਬ ਚਾਰ ਹਫ਼ਤੇ ਪਹਿਲਾਂ ਹੋਏ ਜੰਗਬੰਦੀ ਦੇ ਸਮਝੌਤੇ 'ਤੇ ਖ਼ਤਰੇ ਦੇ ਬੱਦਲ ਮੰਡਰਾਉਣ ਲੱਗ ਪਏ ਸਨ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀ ਗਾਜ਼ਾ ਤੋਂ 20 ਲੱਖ ਤੋਂ ਵਧ ਫਲਸਤੀਨੀਆਂ ਨੂੰ ਹਟਾਉਣ ਦੀ ਵਿਵਾਦਤ ਤਜਵੀਜ਼ ਅਤੇ ਉਨ੍ਹਾਂ ਨੂੰ ਖ਼ਿੱਤੇ 'ਚ ਕਿਤੇ ਹੋਰ ਵਸਾਉਣ ਦੇ ਬਿਆਨ ਨਾਲ ਜੰਗਬੰਦੀ ਦੇ ਭਵਿੱਖ 'ਤੇ ਸ਼ੱਕੇ ਖੜ੍ਹੇ ਹੋ ਗਏ ਸਨ। ਉਂਜ ਮਿਸਰ ਅਤੇ ਕਤਰ ਦੇ ਅਧਿਕਾਰੀਆਂ ਨਾਲ ਗੱਲਬਾਤ ਮਗਰੋਂ ਹਮਾਸ ਨੇ ਵੀਰਵਾਰ ਨੂੰ ਕਿਹਾ ਸੀ ਕਿ ਉਹ ਹੋਰ ਬੰਦੀ ਰਿਹਾਅ ਕਰਨ ਲਈ ਤਿਆਰ ਹੈ। ਇਜ਼ਰਾਈਲ ਵੱਲੋਂ ਅੱਜ ਰਿਹਾਅ ਕੀਤੇ ਗਏ 369 ਵਿਅਕਤੀਆਂ 'ਚ 36 ਉਮਰ ਕੈਦ ਦੀ ਸਜ਼ਾ ਭੁਗਤ ਰਹੇ ਫਲਸਤੀਨੀ ਸ਼ਾਮਲ ਹਨ। ਜੰਗਬੰਦੀ ਦਾ ਸਮਝੌਤਾ ਲਾਗੂ ਹੋਣ ਮਗਰੋਂ 19 ਜਨਵਰੀ ਤੋਂ ਬਾਅਦ ਛੇਵੀਂ ਵਾਰ ਬੰਦੀਆਂ ਦੀ ਅਦਲਾ-ਬਦਲੀ ਹੋਈ ਹੈ। ਪਹਿਲੇ ਗੇੜ ਦੌਰਾਨ 24 ਬੰਦੀ ਅਤੇ 1099 ਫਲਸਤੀਨੀ ਕੈਦੀ ਰਿਹਾਅ ਹੋ ਚੁੱਕੇ ਹਨ।

# ਇਜ਼ਰਾਈਲ ਨੇ ਟੀ-ਸ਼ਰਟ ਪਹਿਨਾ ਕੇ 369 ਫ਼ਲਸਤੀਨੀ ਕੈਦੀਆਂ ਨੂੰ ਕੀਤਾ ਰਿਹਾਅ

ਤਲਅਵੀਵ, 16 ਫਰਵਰੀ (ਪੋਸਟ ਬਿਊਰੋ): ਹਮਾਸ ਦੀ ਕੈਦ ਤੋਂ ਇਜ਼ਰਾਇਲੀ ਬੰਧਕਾਂ ਦੀ ਰਿਹਾਈ ਤੋਂ ਬਾਅਦ ਇਜ਼ਰਾਈਲ ਨੇ ਸਨਿਚਰਵਾਰ ਨੂੰ 369 ਫ਼ਲਸਤੀਨੀ ਕੈਦੀਆਂ ਨੂੰ ਵੀ ਰਿਹਾਅ ਕਰ ਦਿਤਾ। ਟਾਈਮਜ਼ ਆਫ਼ ਇਜ਼ਰਾਈਲ ਦੀ ਰਿਪੋਰਟ ਮੁਤਾਬਕ ਇਨ੍ਹਾਂ ਕੈਦੀਆਂ ਨੂੰ ਖ਼ਾਸ ਕਿਸਮ ਦੀ ਟੀ-ਸ਼ਰਟ ਪੁਆਕੇ ਰਿਹਾਅ ਕੀਤਾ ਗਿਆ ਹੈ। ਇਸ 'ਤੇ ਲਿਖਿਆ ਹੈ ਕਿ 'ਅਸੀਂ ਨਾ ਭੁੱਲਾਂਗੇ ਅਤੇ ਨਾ ਹੀ ਮੁਆਫ਼ ਕਰਾਂਗੇ'।




ਦਰਅਸਲ ਹਮਾਸ ਇਜ਼ਰਾਈਲੀ ਬੰਧਕਾਂ ਦੀ ਰਿਹਾਈ ਤੋਂ ਪਹਿਲਾਂ ਹਰ ਵਾਰ ਇਕ ਸਮਾਗਮ ਦਾ ਆਯੋਜਨ ਕਰਦਾ ਹੈ। ਇਸ ਵਿਚ ਬੰਧਕਾਂ ਨੂੰ ਲਿਆਇਆ ਜਾਂਦਾ ਹੈ ਅਤੇ ਉਨ੍ਹਾਂ ਨੂੰ ਹਮਾਸ ਦੀ ਤਾਰੀਫ਼ ਲਈ ਬਣਾਇਆ ਜਾਂਦਾ ਹੈ। ਇਸ ਸਮਾਗਮ ਵਿਚ ਹਜ਼ਾਰਾਂ ਫਲਸਤੀਨੀ ਇਕੱਠੇ ਹੋਏ। ਇਸ ਨੂੰ ਲੈ ਕੇ ਇਜ਼ਰਾਈਲ ਨਾਰਾਜ਼ ਹੈ।

ਇਜ਼ਰਾਈਲ ਅਤੇ ਫ਼ਲਸਤੀਨ ਵਿਚਕਾਰ ਕੈਦੀਆਂ ਦੀ ਅਦਲਾ-ਬਦਲੀ ਲਈ ਇਹ ਸੌਦਾ 19 ਜਨਵਰੀ ਤੋਂ ਸ਼ੁਰੂ ਹੋਇਆ ਸੀ। ਇਹ ਸੌਦਾ ਤਿੰਨ ਪੜਾਵਾਂ ਵਿਚ ਪੂਰਾ ਹੋਵੇਗਾ। ਇਸ ਵਿਚ 42 ਦਿਨਾਂ ਤੱਕ ਬੰਧਕਾਂ ਦੀ ਅਦਲਾ-ਬਦਲੀ ਕੀਤੀ ਜਾਵੇਗੀ।






















# 24 ਫਰਵਰੀ ਨੂੰ ਜਾਰੀ ਹੋਵੇਗੀ ਪੀਐੱਮ ਕਿਸਾਨ ਨਿਧੀ ਯੋਜਨਾ ਦੀ 19ਵੀਂ ਕਿਸ਼ਤ

ਨਵੀਂ ਦਿੱਲੀ, 16 ਫਰਵਰੀ (ਪੋਸਟ ਬਿਊਰੋ): ਭਾਰਤ ਸਰਕਾਰ ਦੁਆਰਾ ਚਲਾਈ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ ਇਸ ਵਾਰ 19ਵੀਂ ਕਿਸ਼ਤ 24 ਫਰਵਰੀ ਨੂੰ ਜਾਰੀ ਕੀਤੀ ਜਾਣੀ ਹੈ . ਇਸ ਬਾਰੇ ਜਾਣਕਾਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਹਾਲ ਹੀ ਵਿੱਚ ਦਿੱਤੀ ਸੀ . ਇਸ ਯੋਜਨਾ ਦਾ ਲਾਭ ਸਿਰਫ਼ ਉਨ੍ਹਾਂ ਕਿਸਾਨਾਂ ਨੂੰ ਹੀ ਦਿੱਤਾ ਜਾਂਦਾ ਹੈ ਜੋ ਇਸ ਯੋਜਨਾ ਲਈ ਯੋਗ ਹਨ। ਇਸ ਯੋਜਨਾ ਦੇ ਲਾਭਪਾਤਰੀਆਂ ਨੂੰ ਸਾਲਾਨਾ 6 ਹਜ਼ਾਰ ਰੁਪਏ ਦੇਣ ਦਾ ਪ੍ਰਬੰਧ ਹੈ ਅਤੇ ਇਹ ਪੈਸਾ 2 ਹਜ਼ਾਰ ਰੁਪਏ ਦੀਆਂ ਤਿੰਨ ਕਿਸ਼ਤਾਂ ‘ਚ ਦਿੱਤਾ ਜਾਂਦਾ ਹੈ।

ਉਦਾਹਰਣ ਵਜੋਂ, ਇਸ ਵਾਰ 19ਵੀਂ ਕਿਸ਼ਤ 24 ਫਰਵਰੀ ਨੂੰ ਜਾਰੀ ਕੀਤੀ ਜਾਣੀ ਹੈ, ਜਿਸ ਬਾਰੇ ਜਾਣਕਾਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਹਾਲ ਹੀ ‘ਚ ਦਿੱਤੀ ਸੀ, ਪਰ ਜਾਣੋ ਕਿ ਬਹੁਤ ਸਾਰੇ ਕਿਸਾਨ ਹਨ ਜੋ ਇਸ ਕਿਸ਼ਤ ਦੇ ਲਾਭਾਂ ਤੋਂ ਵਾਂਝੇ ਰਹਿ ਜਾਣਗੇ। ਜੇਕਰ ਤੁਸੀਂ ਵੀ ਇਸ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਨਾਲ ਜੁੜੇ ਹੋ, ਤਾਂ ਤੁਸੀਂ ਇੱਥੇ ਜਾਣ ਸਕਦੇ ਹੋ ਕਿ ਕਿਹੜੇ ਕਿਸਾਨਾਂ ਦੀਆਂ ਕਿਸ਼ਤਾਂ ਅਟਕ ਸਕਦੀਆਂ ਹਨ।

ਪ੍ਰਧਾਨ ਮੰਤਰੀ ਕਿਸਾਨ ਯੋਜਨਾ ਦੇ ਤਹਿਤ, ਸਭ ਤੋਂ ਪਹਿਲਾਂ, ਉਨ੍ਹਾਂ




ਕਿਸਾਨਾਂ ਨੂੰ ਕਿਸ਼ਤ ਦੇ ਲਾਭ ਤੋਂ ਵਾਂਝਾ ਕੀਤਾ ਜਾਵੇਗਾ, ਜਿਨ੍ਹਾਂ ਨੂੰ ਇਸ ਯੋਜਨਾ ਨਾਲ ਗਲਤ ਤਰੀਕੇ ਨਾਲ ਜੋੜਿਆ ਗਿਆ ਹੈ। ਦਰਅਸਲ, ਜਿਹੜੇ ਕਿਸਾਨ ਅਯੋਗ ਹਨ ਅਤੇ ਗਲਤ ਤਰੀਕੇ ਨਾਲ ਇਸ ਯੋਜਨਾ ਨਾਲ ਜੁੜੇ ਹੋਏ ਹਨ, ਉਨ੍ਹਾਂ ਦੀ ਪਛਾਣ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੀਆਂ ਅਰਜ਼ੀਆਂ ਰੱਦ ਕੀਤੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਨੂੰ ਕਿਸ਼ਤਾਂ ਦੇ ਲਾਭਾਂ ਤੋਂ ਵੀ ਵਾਂਝਾ ਕੀਤਾ ਜਾ ਰਿਹਾ ਹੈ।

### ਹੋਰ ਕਿਸਾਨ

ਦੂਜਾ ਜੇਕਰ ਤੁਸੀਂ ਵੀ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਨਾਲ ਜੁੜੇ ਹੋ, ਤਾਂ ਤੁਹਾਨੂੰ ਇੱਥੇ ਪਤਾ ਹੋਣਾ ਚਾਹੀਦਾ ਹੈ ਕਿ ਜਿਨ੍ਹਾਂ ਕਿਸਾਨਾਂ ਨੇ ਈ-ਕੇਵਾਈਸੀ ਦਾ ਕੰਮ ਨਹੀਂ ਕਰਵਾਇਆ ਹੈ, ਉਨ੍ਹਾਂ ਦੀ ਕਿਸ਼ਤ ਅਟਕ ਸਕਦੀ ਹੈ। ਨਿਯਮਾਂ ਦੇ ਤਹਿਤ, ਇਸ ਯੋਜਨਾ ਨਾਲ ਜੁੜੇ ਹਰੇਕ ਕਿਸਾਨ ਲਈ ਇਹ ਕੰਮ ਕਰਵਾਉਣਾ ਲਾਜ਼ਮੀ ਹੈ। ਇਸ ਲਈ, ਜਿਨ੍ਹਾਂ ਕਿਸਾਨਾਂ ਨੇ ਇਹ ਕੰਮ ਨਹੀਂ ਕਰਵਾਇਆ, ਉਨ੍ਹਾਂ ਦੀਆਂ ਕਿਸ਼ਤਾਂ ਅਟਕ ਸਕਦੀਆਂ ਹਨ।

ਤੀਜਾ, ਜੇਕਰ ਤੁਸੀਂ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਨਾਲ ਜੁੜੇ ਹੋ, ਪਰ ਤੁਸੀਂ ਜ਼ਮੀਨ ਦੀ ਤਸਦੀਕ ਦਾ ਕੰਮ ਨਹੀਂ ਕਰਵਾਇਆ ਹੈ, ਤਾਂ ਤੁਸੀਂ ਕਿਸ਼ਤ ਦੇ ਲਾਭਾਂ ਤੋਂ ਵਾਂਝੇ ਰਹਿ ਸਕਦੇ ਹੋ। ਇਸ ਵਿੱਚ ਕਿਸਾਨਾਂ ਦੀ ਵਾਹੀਯੋਗ ਜ਼ਮੀਨ ਦੀ ਤਸਦੀਕ ਕੀਤੀ ਜਾਂਦੀ ਹੈ। ਜੇਕਰ ਤੁਹਾਡੇ ਦਸਤਾਵੇਜ਼ ਅਤੇ ਹੋਰ ਚੀਜ਼ਾਂ ਸਹੀ ਪਾਈਆਂ ਜਾਂਦੀਆਂ ਹਨ, ਤਾਂ ਤੁਹਾਨੂੰ ਕਿਸ਼ਤ ਦਾ ਲਾਭ ਦਿੱਤਾ ਜਾਂਦਾ ਹੈ, ਪਰ ਜਿਨ੍ਹਾਂ ਕਿਸਾਨਾਂ ਨੇ ਇਹ ਕੰਮ ਨਹੀਂ ਕਰਵਾਇਆ ਹੈ, ਉਨ੍ਹਾਂ ਦੀ ਕਿਸ਼ਤ ਅਟਕ ਸਕਦੀ ਹੈ। ਇਸਦੇ ਨਾਲ ਹੀ ਜਿਨ੍ਹਾਂ ਦੇ ਅਰਜ਼ੀ ਫਾਰਮ ‘ਚ ਕੋਈ ਗਲਤੀ ਕੀਤੀ ਹੈ, ਤੁਹਾਡੇ ਦੁਆਰਾ ਪ੍ਰਦਾਨ ਕੀਤੇ ਗਏ ਬੈਂਕ ਖਾਤੇ ਦੇ ਵੇਰਵੇ ਗਲਤ ਹਨ, ਤੁਹਾਡੇ ਬੈਂਕ ਖਾਤੇ ‘ਚ ਵਿਕਲਪ ਆਨ ਨਹੀਂ ਹੈ, ਤੁਹਾਡੇ ਦਸਤਾਵੇਜ਼ ਗਲਤ ਹਨ ਆਦਿ ਦੀ ਸਥਿਤੀ ‘ਚ ਤੁਹਾਡੀ ਕਿਸ਼ਤ ਵੀ ਅਟਕ ਸਕਦੀ ਹੈ। ਇਸ ਤੋਂ ਇਲਾਵਾ, ਆਪਣੇ ਆਧਾਰ ਕਾਰਡ ਨੂੰ ਆਪਣੇ ਬੈਂਕ ਖਾਤੇ ਨਾਲ ਲਿੰਕ ਕਰਨਾ ਯਕੀਨੀ ਬਣਾਓ, ਕਿਉਂਕਿ ਜੋ ਲੋਕ ਇਹ ਨਹੀਂ ਕਰਵਾਉਂਦੇ, ਉਹ ਕਿਸ਼ਤ ਦੇ ਲਾਭਾਂ ਤੋਂ ਵਾਂਝੇ ਰਹਿ ਸਕਦੇ ਹਨ।

# ਦਿੱਲੀ ਰੇਲਵੇ ਸਟੇਸ਼ਨ ’ਤੇ ਮੱਚੀ ਭਗਦੜ ’ਚ 18 ਲੋਕਾਂ ਦੀ ਮੌਤ

ਨਵੀਂ ਦਿੱਲੀ, 16 ਫਰਵਰੀ (ਪੋਸਟ ਬਿਊਰੋ): ਨਵੀਂ ਦਿੱਲੀ ਰੇਲਵੇ ਸਟੇਸ਼ਨ ’ਤੇ ਸ਼ਨੀਵਾਰ ਦੇਰ ਰਾਤ ਭਾਰੀ ਭੀੜ ਕਾਰਨ ਹੋਈ ਭਗਦੜ ਵਿੱਚ 9 ਔਰਤਾਂ, 4 ਪੁਰਸ਼ ਅਤੇ 5 ਬੱਚਿਆਂ ਸਮੇਤ 18 ਲੋਕਾਂ ਦੀ ਦੁਖਦਾਈ ਮੌਤ ਹੋ ਗਈ। ਇਸ ਹਾਦਸੇ ਵਿੱਚ ਦਰਜਨਾਂ ਲੋਕ ਜ਼ਖਮੀ ਹੋਏ ਹਨ, ਜਿਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਹੈ। ਇਸ ਦੌਰਾਨ, ਹਾਦਸੇ ਸਮੇਂ ਰੇਲਵੇ ਸਟੇਸ਼ਨ ‘ਤੇ ਮੌਜੂਦ ਕੁਲੀਆਂ ਨੇ ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਦਾ ਵਰਣਨ ਕੀਤਾ ਅਤੇ ਕਿਹਾ ਕਿ ਹਫੜਾ-ਦਫੜੀ ਦੇ ਵਿਚਕਾਰ ਲਾਸ਼ਾਂ ਨੂੰ ਗੱਡੀਆਂ ‘ਤੇ ਲਿਜਾਇਆ ਗਿਆ ਸੀ।

ਭਗਦੜ ਦੇ ਸਮੇਂ ਨਵੀਂ ਦਿੱਲੀ ਸਟੇਸ਼ਨ ‘ਤੇ ਮੌਜੂਦ ਇੱਕ ਕੁਲੀ ਕ੍ਰਿਸ਼ਨ ਕੁਮਾਰ ਜੋਗੀ ਨੇ ਕਿਹਾ ਕਿ ਜਦੋਂ ਪ੍ਰਯਾਗਰਾਜ ਜਾਣ ਵਾਲੀ ਰੇਲਗੱਡੀ ਆਈ ਤਾਂ ਭੀੜ ਬਹੁਤ ਜ਼ਿਆਦਾ ਹੋ ਗਈ ਸੀ। ਉਨ੍ਹਾਂ ਦਾਅਵਾ ਕੀਤਾ ਕਿ ਫੁੱਟਓਵਰ ਬ੍ਰਿਜ ‘ਤੇ ਬਹੁਤ ਵੱਡੀ ਭੀੜ ਇਕੱਠੀ ਹੋ ਗਈ ਸੀ ਜਿਸ ਕਾਰਨ ਬਹੁਤ ਸਾਰੇ ਲੋਕਾਂ ਦਾ ਸਾਹ ਘੁੱਟਣ ਲੱਗ ਪਿਆ। ਇਸ ਦੌਰਾਨ, ਉੱਥੇ ਲਗਭਗ 10-15 ਲੋਕਾਂ ਦੀ ਮੌਤ ਹੋ ਗਈ।

ਤੁਹਾਨੂੰ ਦੱਸ ਦੇਈਏ ਕਿ ਮਰਨ ਵਾਲਿਆਂ ਵਿੱਚ 9 ਬਿਹਾਰ ਦੇ, 8 ਦਿੱਲੀ ਦੇ ਅਤੇ ਇੱਕ ਹਰਿਆਣਾ ਦਾ ਰਹਿਣ ਵਾਲਾ ਹੈ। ਸਰਕਾਰ ਨੇ ਪੀੜਤਾਂ ਲਈ ਮੁਆਵਜ਼ਾ ਵੀ ਐਲਾਨਿਆ ਹੈ। ਸਟੇਸ਼ਨ ‘ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਇਹ




ਘਟਨਾ ਰਾਤ 8:00 ਵਜੇ ਤੋਂ 8:30 ਵਜੇ ਦੇ ਵਿਚਕਾਰ ਵਾਪਰੀ। ਰੇਲਵੇ ਪ੍ਰਸ਼ਾਸਨ ਨੇ ਇੱਕ ਰੇਲਗੱਡੀ ਦੇ ਪਲੇਟਫਾਰਮ ਨੂੰ ਬਦਲਣ ਦਾ ਐਲਾਨ ਕੀਤਾ। ਇਸ ਕਾਰਨ ਲੋਕ ਇੱਕ ਪਲੇਟਫਾਰਮ ਤੋਂ ਦੂਜੇ ਪਲੇਟਫਾਰਮ ਵੱਲ ਭੱਜਣ ਲੱਗੇ ਅਤੇ ਭਗਦੜ ਮਚ ਗਈ। ਦੱਸਿਆ ਜਾ ਰਿਹਾ ਹੈ ਕਿ ਵੱਡੀ ਗਿਣਤੀ ਵਿੱਚ ਲੋਕਾਂ ਕੋਲ ਜਨਰਲ ਟਿਕਟਾਂ ਸਨ।

ਘਟਨਾ ਦੀ ਸੂਚਨਾ ਮਿਲਦੇ ਹੀ ਮੁੱਖ ਸਕੱਤਰ ਧਰਮਿੰਦਰ ਸਿੰਘ, ਐਲਜੀ ਵੀਕੇ ਸਕਸੈਨਾ, ਭਾਜਪਾ ਦੇ ਸੂਬਾ ਪ੍ਰਧਾਨ ਵੀਰੇਂਦਰ ਸਚਦੇਵਾ ਆਦਿ ਲੋਕ ਨਾਇਕ ਹਸਪਤਾਲ ਪਹੁੰਚੇ ਅਤੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ, ਦਿੱਲੀ ਦੀ ਕਾਰਜਕਾਰੀ ਮੁੱਖ ਮੰਤਰੀ ਆਤਿਸ਼ੀ ਵੀ ਲੋਕ ਨਾਇਕ ਹਸਪਤਾਲ ਪਹੁੰਚੀ ਅਤੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਇਸ ਤੋਂ ਇਲਾਵਾ ਭਾਜਪਾ ਵਿਧਾਇਕ ਰੇਖਾ ਗੁਪਤਾ, ਆਮ ਆਦਮੀ ਪਾਰਟੀ ਦੇ ਵਿਧਾਇਕ ਆਲੇ ਮੁਹੰਮਦ ਇਕਬਾਲ ਆਦਿ ਵੀ ਲੋਕ ਨਾਇਕ ਹਸਪਤਾਲ ਪਹੁੰਚੇ।

# ਆਮਦਨ ਕਰ ਵਿਭਾਗ ਦੀ ਵੈੱਬਸਾਈਟ ’ਤੇ ਅਪਲੋਡ ਹੋਇਆ ਆਮਦਨ ਕਰ ਬਿੱਲ 2025

ਨਵੀਂ ਦਿੱਲੀ, 16 ਫਰਵਰੀ (ਪੋਸਟ ਬਿਊਰੋ): ਆਮਦਨ ਕਰ ਦਾਤਾ ਹੁਣ ਆਮਦਨ ਕਰ ਐਕਟ, 1961 ਦੇ ਭਾਗਾਂ ਨੂੰ ਆਮਦਨ ਕਰ ਬਿੱਲ, 2025 ਦੇ ਸੰਬੰਧਿਤ ਭਾਗਾਂ ਨਾਲ ਮਿਲਾ ਸਕਦੇ ਹਨ। ਆਮਦਨ ਕਰ ਵਿਭਾਗ ਨੇ ਆਮਦਨ ਕਰ ਐਕਟ, 1961 ਦੇ ਭਾਗਾਂ ਨੂੰ ਨਵੇਂ ਆਮਦਨ ਕਰ ਬਿੱਲ ਨਾਲ ਜੋੜਿਆ ਹੈ ਅਤੇ ਟੈਕਸਦਾਤਾ ਆਮਦਨ ਕਰ ਵਿਭਾਗ ਦੇ ਪੋਰਟਲ ‘ਤੇ ਜਾ ਕੇ ਉਨ੍ਹਾਂ ਨੂੰ ਮਿਲਾ ਸਕਦੇ ਹਨ। ਇਸ ਸੰਬੰਧੀ ਵੈੱਬਸਾਈਟ ਪੜ੍ਹ ਸਕਦੇ ਹੋ। ਸਰਲ ਆਮਦਨ ਟੈਕਸ ਬਿੱਲ 2025 13 ਫਰਵਰੀ ਨੂੰ ਹੀ ਲੋਕ ਸਭਾ ‘ਚ ਪੇਸ਼ ਕੀਤਾ ਗਿਆ ਸੀ।

ਨਵਾਂ ਬਿੱਲ ਪਾਸ ਹੋਣ ਤੋਂ ਬਾਅਦ ਆਮਦਨ ਕਰ ਬਿੱਲ 2025 64 ਸਾਲ ਪੁਰਾਣੇ ਆਮਦਨ ਕਰ ਐਕਟ ਦੀ ਥਾਂ ਲੈ ਲਵੇਗਾ। ਦਰਅਸਲ, ਸਮੇਂ ਦੇ ਨਾਲ ਆਮਦਨ ਕਰ ਕਾਨੂੰਨ ‘ਚ ਬਦਲਾਅ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ। ਆਮਦਨ ਕਰ ਬਿੱਲ 2025 ‘ਚ 2.6 ਲੱਖ ਸ਼ਬਦ ਹਨ, ਜਦੋਂ ਕਿ ਆਮਦਨ ਕਰ ਐਕਟ ‘ਚ 5.12 ਲੱਖ ਸ਼ਬਦ ਹਨ। ਨਵੇਂ ਬਿੱਲ ‘ਚ 536 ਧਾਰਾਵਾਂ ਹਨ, ਜਦੋਂ ਕਿ ਮੌਜੂਦਾ ਕਾਨੂੰਨ ‘ਚ 819 ਪ੍ਰਭਾਵਸ਼ਾਲੀ ਧਾਰਾਵਾਂ ਹਨ।

ਨਵੇਂ ਬਿੱਲ ‘ਚ 23 ਅਧਿਆਏ ਹਨ, ਜਦੋਂ ਕਿ ਮੌਜੂਦਾ ਕਾਨੂੰਨ ‘ਚ 47 ਅਧਿਆਏ ਹਨ। ਬਿੱਲ ‘ਚ 57 ਟੇਬਲ ਹਨ ਜਦੋਂ ਕਿ ਮੌਜੂਦਾ ਆਮਦਨ




ਟੈਕਸ ਐਕਟ ‘ਚ 18 ਟੇਬਲ ਹਨ। ਨਵਾਂ ਬਿੱਲ ਟੈਕਸਦਾਤਾਵਾਂ ਲਈ ਟੈਕਸਾਂ ਦੀ ਗਣਨਾ ਕਰਨਾ ਆਸਾਨ ਬਣਾ ਦੇਵੇਗਾ। ਮੌਜੂਦਾ ਕਾਨੂੰਨ ਦੇ ਮੁਕਾਬਲੇ, ਨਵੇਂ ਬਿੱਲ ‘ਚ 1200 ਉਪਬੰਧ ਅਤੇ 900 ਸਪਸ਼ਟੀਕਰਨ ਹਟਾ ਦਿੱਤੇ ਗਏ ਹਨ।

ਇਹ ਬਿੱਲ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੇ 12 ਮਹੀਨਿਆਂ ਦੀ ਮਿਆਦ ਦੇ ਰੂਪ ਵਿੱਚ ‘ਟੈਕਸ ਸਾਲ’ ਦੀ ਨਵੀਂ ਧਾਰਨਾ ਪੇਸ਼ ‘ਚ, ਪਿਛਲੇ ਸਾਲ () ਯਾਨੀ ਅਪ੍ਰੈਲ 2024 ਤੋਂ ਮਾਰਚ 2025 ਵਿੱਚ ਕਮਾਈ ਗਈ ਆਮਦਨ ਦਾ ਮੁਲਾਂਕਣ ਮੁਲਾਂਕਣ ਸਾਲ 2025-26 ‘ਚ ਕੀਤਾ ਜਾਵੇਗਾ। ਇਹ ਬਿੱਲ 1 ਅਪ੍ਰੈਲ, 2026 ਤੋਂ ਲਾਗੂ ਹੋਵੇਗਾ। ਇਸ ਬਿੱਲ ਦੀ ਹੁਣ ਲੋਕ ਸਭਾ ਦੀ ਇੱਕ ਚੋਣ ਕਮੇਟੀ ਦੁਆਰਾ ਜਾਂਚ ਕੀਤੀ ਜਾਵੇਗੀ ਅਤੇ ਸੰਸਦ ਦੁਆਰਾ ਮਨਜ਼ੂਰੀ ਦਿੱਤੀ ਜਾਵੇਗੀ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

TechSpirit
Consultation, Installation & Servicing



Specialized in:
- Analog & IP security cameras
- Installation & Maintenance, Upgrade
- Video Doorbell Installation

Call: 905-621-4100
7-8770 The Gore Road, Brampton, ON L6P 0B1



1080p HD
ਦੇ 4
ਸਿਕਿਉਰਟੀ ਕੈਮਰੇ
ਸਿਰਫ $999
ਵਿੱਚ ਲਗਵਾਓ

# ਮੁੱਖ ਮੰਤਰੀ ਵੱਲੋਂ ਨੌਜਵਾਨਾਂ ਨੂੰ ਅਪੀਲ: ਅਮਰੀਕਾ ਤੋਂ ਵਾਪਸੀ ਅੱਖਾਂ ਖੋਲ੍ਹਣ ਵਾਲੀ, ਗੈਰ-ਕਾਨੂੰਨੀ ਢੰਗ ਨਾਲ ਵਿਦੇਸ ਨਾ ਜਾਓ

*** ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਹਿੱਸੇਦਾਰ ਬਣਨ ਲਈ ਨੌਜਵਾਨਾਂ ਨੂੰ ਸੱਦਾ * ਪੰਜਾਬ ਵਿੱਚ 50 ਹਜਾਰ ਤੋਂ ਵੱਧ ਸਰਕਾਰੀ ਨੌਕਰੀਆਂ ਨੌਜਵਾਨਾਂ ਨੂੰ ਮਿਲਣ ਨਾਲ ਪਰਵਾਸ ਨੂੰ ਪੁੱਠਾ ਗੇੜਾ ਆਇਆ**

ਘੁੰਗਰਾਲੀ (ਲੁਧਿਆਣਾ), 16 ਫਰਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅਮਰੀਕਾ ਤੋਂ ਗੈਰ-ਕਾਨੂੰਨੀ ਪਰਵਾਸੀਆਂ ਦੀ ਵਾਪਸੀ ਤੋਂ ਸਬਕ ਸਿੱਖਣ ਅਤੇ ਗਲਤ ਤਰੀਕਿਆਂ ਨਾਲ ਵਿਦੇਸ ਜਾਣ ਦੀ ਸੋਚ ਤਿਆਗ ਕੇ ਆਪਣੇ ਸੂਬੇ ਨੂੰ ਦੇਸ ਵਿੱਚ ਮੋਹਰੀ ਬਣਾਉਣ ਲਈ ਸਖਤ ਮਿਹਨਤ ਕਰਨ।



ਇੱਥੇ ਇਕ ਟੂਰਨਾਮੈਂਟ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਵਿੱਤਰ ਧਰਤੀ ‘ਤੇ ਜਨਮ ਲੈਣਾ ਸਾਡੇ ਲਈ ਮਾਣ ਵਾਲੀ ਗੱਲ ਹੈ ਕਿਉਂਕਿ ਇਥੋਂ ਦੀ ਧਰਤੀ ਦੁਨੀਆ ਦੀ ਸਭ ਤੋਂ ਉਪਜਾਊ ਧਰਤੀ ਹੈ। ਉਨ੍ਹਾਂ ਅਫਸੋਸ ਪ੍ਰਗਟਾਇਆ ਕਿ ਸੂਬੇ ਵਿੱਚ ਪਿਛਲੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਨੌਜਵਾਨ ਬਿਹਤਰ ਭਵਿੱਖ ਦੀ ਭਾਲ ਵਿੱਚ ਹੋਰ ਮੁਲਕਾਂ ਵੱਲ ਪਰਵਾਸ ਕਰਨ ਲਈ ਮਜਬੂਰ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਮਰੀਕਾ ਤੋਂ ਸਮੂਹਿਕ ਵਾਪਸੀ ਸਾਡੇ ਸਾਰਿਆਂ ਲਈ ਅੱਖਾਂ ਖੋਲ੍ਹਣ ਵਾਲੀ ਹੈ ਅਤੇ ਹੁਣ ਸਾਨੂੰ ਗੈਰ-ਕਾਨੂੰਨੀ ਢੰਗ ਨਾਲ ਵਿਦੇਸ ਨਹੀਂ ਜਾਣਾ ਚਾਹੀਦਾ, ਸਗੋਂ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਲਈ ਸਖਤ ਮਿਹਨਤ ਕਰਨੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਪੰਜਾਬ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ‘ਤੇ 50 ਹਜਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਕਿ ਤਿੰਨ ਸਾਲਾਂ ਵਿੱਚ ਨੌਜਵਾਨਾਂ ਨੂੰ ਇੰਨੀ ਵੱਡੀ ਗਿਣਤੀ ਵਿੱਚ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਰੁਝਾਨ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗਾ ਕਿਉਂਕਿ ਸੂਬੇ ਦੇ ਨੌਜਵਾਨਾਂ ਲਈ ਵੱਡੀ ਗਿਣਤੀ ਵਿੱਚ ਭਰਤੀ ਦੀ ਤਿਆਰੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਕਾਰਨ ਪੰਜਾਬ ਵਿੱਚ ਪਰਵਾਸ ਨੂੰ ਮੋੜਾ ਪਿਆ ਹੈ ਕਿਉਂਕਿ ਨੌਜਵਾਨ ਸੂਬੇ ਵਿੱਚ ਸਰਕਾਰੀ ਨੌਕਰੀਆਂ ਲੈਣ ਲਈ ਵਿਦੇਸਾਂ ਤੋਂ ਪਰਤ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਾਰਦਰਸੀ ਭਰਤੀ ਨਾਲ ਨੌਜਵਾਨਾਂ ਦਾ ਸੂਬਾ ਸਰਕਾਰ ਲਈ ਕੰਮ ਕਰਨ ਪ੍ਰਤੀ ਵਿਸਵਾਸ ਵਧਿਆ ਹੈ, ਜਿਸ ਕਾਰਨ ਉਹ ਵਿਦੇਸ ਜਾਣ ਦਾ ਵਿਚਾਰ ਤਿਆਗ ਕੇ ਇੱਥੇ ਸਰਕਾਰੀ ਨੌਕਰੀਆਂ ਲਈ ਤਿਆਰੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਇਕ ਰਿਕਾਰਡ ਹੈ ਕਿ ਵਿਦੇਸ ਜਾਣ ਦੇ ਪੁਰਾਣੇ ਰੁਝਾਨ ਦੇ ਉਲਟ ਸੂਬੇ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਦਾਖਲੇ ਵਿੱਚ ਭਾਰੀ ਵਾਧਾ ਦੇਖਣ ਨੂੰ ਮਿਲ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਕ ਪਾਸੇ ਪੁਲਿਸ ਵਿਭਾਗ ਦੀ ਕਾਰਜਕੁਸ਼ਲਤਾ ਵਿੱਚ ਵਾਧਾ ਕਰਨ ਅਤੇ ਦੂਜੇ ਪਾਸੇ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਸੂਬਾ ਸਰਕਾਰ ਨੇ ਪੁਲਿਸ ਮੁਲਾਜਮਾਂ ਦੀ ਕਮੀ ਦੂਰ ਕਰਨ ਲਈ ਪੰਜਾਬ ਪੁਲਿਸ ਵਿੱਚ ਹਰ ਸਾਲ 1800 ਸਿਪਾਹੀ ਅਤੇ 300 ਸਬ ਇੰਸਪੈਕਟਰ ਭਰਤੀ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ 2100 ਅਸਾਮੀਆਂ ਲਈ ਹਰ ਸਾਲ ਲਗਭਗ 2.50 ਲੱਖ ਉਮੀਦਵਾਰਾਂ ਵੱਲੋਂ ਅਪਲਾਈ ਕਰਨ ਦੀ ਸੰਭਾਵਨਾ ਹੈ, ਇਸ ਲਈ ਸਾਰੇ ਚਾਹਵਾਨ ਪ੍ਰੀਖਿਆਰਥੀ ਪ੍ਰੀਖਿਆ ਪਾਸ ਕਰਨ ਲਈ ਅਕਾਦਮਿਕ ਦੇ ਨਾਲ-ਨਾਲ ਆਪਣੀ ਸਰੀਰਕ ਯੋਗਤਾ ਨੂੰ ਸੁਧਾਰਨਗੇ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਪੰਜਾਬ ਪੁਲਿਸ ਵਿੱਚ 10,000 ਨਵੀਂ ਭਰਤੀ ਕਰਨ ਦਾ ਫੈਸਲਾ ਵੀ ਕੀਤਾ ਹੈ, ਜਿਸ ਲਈ ਨੋਟੀਫਿਕੇਸਨ ਪਹਿਲਾਂ ਹੀ ਜਾਰੀ ਕੀਤਾ ਜਾ ਚੁੱਕਾ ਹੈ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਰਵਾਇਤੀ ਪਾਰਟੀਆਂ ਉਨ੍ਹਾਂ ਨਾਲ ਇਸ ਗੱਲੋਂ ਸਾੜਾ ਰੱਖਦੀਆਂ ਹਨ ਕਿਉਂਕਿ ਉਹ ਇਕ ਆਮ ਪਰਿਵਾਰ ਨਾਲ ਸਬੰਧਤ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਸਮਝਦੇ ਹਨ ਕਿ ਉਨ੍ਹਾਂ ਕੋਲ ਰਾਜ ਕਰਨ ਦਾ ਇਲਾਹੀ ਅਧਿਕਾਰ ਹੈ, ਜਿਸ ਕਾਰਨ ਉਨ੍ਹਾਂ ਨੂੰ ਇਹ ਹਜਮ ਨਹੀਂ ਹੋ ਰਿਹਾ ਕਿ ਇਕ ਆਮ ਆਦਮੀ ਰਾਜ ਨੂੰ ਕੁਸਲਤਾ ਨਾਲ ਚਲਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਮਾ ਸਮਾਂ ਲੋਕਾਂ ਨੂੰ ਮੂਰਖ ਬਣਾਇਆ ਪਰ ਹੁਣ ਲੋਕ ਇਨ੍ਹਾਂ ਦੇ ਗੁਮਰਾਹਕੁੰਨ ਪ੍ਰਚਾਰ ਵਿੱਚ ਨਹੀਂ ਆਉਣ ਵਾਲੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ‘ਉੱਤਰ ਕਾਟੋ ਮੈਂ ਚੜ੍ਹਾਂ’ ਦੀ ਸਿਆਸਤ ਕਰਨ ਵਾਲੀਆਂ ਸਿਆਸੀ ਪਾਰਟੀਆਂ ਨੂੰ ਸੱਤਾ ਤੋਂ ਲਾਂਭੇ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਸਾਡੀ ਸਰਕਾਰ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਹ ਲੋਕਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਉਨ੍ਹਾਂ ਨੂੰ ਇਸ ਲਈ ਨਿੰਦਦੇ ਹਨ ਕਿਉਂਕਿ ਸਾਡੀ ਸਰਕਾਰ ਵੱਲੋਂ ਲੋਕ ਪੱਖੀ ਫੈਸਲੇ ਲਏ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਖੇਡ ਸੱਭਿਆਚਾਰ ਨੂੰ ਉਤਸਾਹਿਤ ਕਰਨਾ ਸੂਬਾ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਭ ਤੋਂ ਮਹੱਤਵਪੂਰਨ ਜ਼ਰੀਆ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸਾਹਿਤ ਕਰਨ ਨਾਲ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵਿੱਚ ਮੱਲਾਂ ਮਾਰਨ ਲਈ ਵਰਤਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਖੇਡਾਂ ਵਿੱਚ ਰੁੱਝੇ ਨੌਜਵਾਨਾਂ ਕੋਲ ਨਸ਼ਿਆਂ ਵੱਲ ਦੇਖਣ ਦਾ ਸਮਾਂ ਹੀ ਨਹੀਂ ਹੁੰਦਾ ਕਿਉਂਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਮੱਲਾਂ ਮਾਰਨ ਲਈ ਆਪਣੀ ਪੂਰੀ ਤਾਕਤ ਲਾ ਰਹੇ ਹੁੰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹਰ ਸਾਲ ‘ਖੇਡਾਂ ਵਤਨ ਪੰਜਾਬ ਦੀਆਂ’ ਕਰਵਾਈਆਂ ਜਾਂਦੀਆਂ ਹਨ, ਜੋ ਖਿਡਾਰੀਆਂ ਨੂੰ ਆਪਣੇ ਹੁਨਰ ਦਿਖਾਉਣ ਲਈ ਮੰਚ ਪ੍ਰਦਾਨ ਕਰਦੀਆਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਖੇਡਾਂ ਸੂਬਾ ਸਰਕਾਰ ਨੂੰ ਖਿਡਾਰੀਆਂ ਦੀਆਂ ਸਮਰੱਥਾਵਾਂ ਅਤੇ ਕਮਜੋਰੀਆਂ ਦੀ ਪਛਾਣ ਕਰਨ ਵਿੱਚ ਮਦਦ ਕਰਦੀਆਂ ਹਨ, ਜੋ ਭਵਿੱਖ ਵਿੱਚ ਰਾਸਟਰੀ ਅਤੇ ਅੰਤਰਰਾਸਟਰੀ ਮੁਕਾਬਲਿਆਂ ਲਈ ਉਨ੍ਹਾਂ ਨੂੰ ਤਿਆਰ ਕਰਨ ਲਈ ਲਾਭਦਾਇਕ ਸਿੱਧ ਹੁੰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ ਕਿਉਂਕਿ ਇਹ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖੁਸਹਾਲੀ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

ਟੂਰਨਾਮੈਂਟ ਨੂੰ ਸਫ਼ਲ ਬਣਾਉਣ ਲਈ ਟੂਰਨਾਮੈਂਟ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਅਜਿਹੇ ਸਮਾਗਮ ਕਰਵਾਉਣੇ ਬੰਦ ਕਰ ਦਿੱਤੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਰ ਹੁਣ ਸੂਬੇ ਵਿੱਚ ‘ਆਪ‘ ਸਰਕਾਰ ਦੇ ਸੱਤਾ ਸੰਭਾਲਣ ਮਗਰੋਂ ਮਾਹੌਲ ਬਦਲ ਗਿਆ ਹੈ ਅਤੇ ਲੋਕ ਅਜਿਹੇ ਸਮਾਗਮਾਂ ਦਾ ਆਨੰਦ ਮਾਣ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਰੰਗਲਾ ਪੰਜਾਬ ਦੀ ਇਕ ਝਲਕ ਹੈ ਅਤੇ ਸੂਬਾ ਸਰਕਾਰ ਵੱਲੋਂ ਹੁਣ ਅਜਿਹੇ ਸਮਾਗਮਾਂ ਰਾਹੀਂ ਲੋਕਾਂ ਨੂੰ ਸਹੂਲਤ ਪ੍ਰਦਾਨ ਕਰਨ ਬਾਬਤ ਕੋਈ ਕਸਰ ਨਹੀਂ ਛੱਡੀ ਜਾ ਰਹੀ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਪਿੰਡ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਆਮ ਆਦਮੀ ਕਲੀਨਿਕ, ਸੋਲਰ ਲਾਈਟਾਂ ਲਗਾਉਣ, ਕਮਿਊਨਿਟੀ ਹਾਲ ਦੀ ਉਸਾਰੀ, ਵਾਟਰ ਟ੍ਰੀਟਮੈਂਟ ਪਲਾਂਟ ਅਤੇ ਹੋਰ ਕਈ ਵਿਕਾਸ ਕਾਰਜਾਂ ਲਈ ਇਕ ਕਰੋੜ ਰੁਪਏ ਤੋਂ ਵੱਧ ਦੀਆਂ ਗ੍ਰਾਂਟਾਂ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹੋਰ ਪਤਵੰਤੇ ਹਾਜਰ ਸਨ।

# ਸਾਲ 2024 ਦੌਰਾਨ 3318 ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦਾ ਦੌਰਾ ਕੀਤਾ : ਸੰਧਵਾਂ

ਚੰਡੀਗੜ੍ਹ, 16 ਫਰਵਰੀ (ਗਿਆਨ ਸਿੰਘ): ਸੂਬੇ ਦੇ ਵਿਦਿਆਰਥੀਆਂ ਨੂੰ ਵਿਧਾਨ ਸਭਾ ਦੇ ਕੰਮਕਾਜ ਬਾਰੇ ਜਾਣਕਾਰੀ ਦੇਣ ਦੇ ਉਦੇਸ਼ ਨਾਲ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਉਹ ਸੈਸ਼ਨ ਅਤੇ ਗੈਰ-ਸੈਸ਼ਨ ਦਿਨਾਂ ਦੌਰਾਨ ਵਿਦਿਆਰਥੀਆਂ ਲਈ ਪੰਜਾਬ ਵਿਧਾਨ ਸਭਾ ਦਾ ਦੌਰਾ ਕਰਨ ਲਈ ਉਚਿਤ ਪ੍ਰਬੰਧ ਕਰਨ।



ਸੰਧਵਾਂ ਨੇ ਕਿਹਾ ਕਿ ਸਾਡੀਆਂ ਕੋਸ਼ਿਸ਼ਾਂ ਨੂੰ ਉਦੋਂ ਬੂਰ ਪਿਆ, ਜਦੋਂ ਸਾਲ 2022 ਸੈਸ਼ਨ ਦੌਰਾਨ 155 ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦੀ ਅਸਲ ਕਾਰਵਾਈ ਸਮੇਂ ਦੌਰਾ ਕੀਤਾ ਅਤੇ 900 ਵਿਦਿਆਰਥੀਆਂ ਨੇ ਗੈਰ-ਸੈਸ਼ਨ ਦਿਨਾਂ ਦੌਰਾਨ ਦੌਰਾ ਕੀਤਾ। ਇਸ ਉਪਰੰਤ ਸਾਲ 2023 ਦੇ ਸੈਸ਼ਨ ਦੇ ਦਿਨਾਂ ਦੌਰਾਨ 990 ਵਿਦਿਆਰਥੀਆਂ ਅਤੇ ਗੈਰ-ਸੈਸ਼ਨ ਦਿਨਾਂ ਦੌਰਾਨ 1157 ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦਾ ਦੌਰਾ ਕੀਤਾ।

ਸੰਧਵਾ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਦੱਸਦਿਆਂ ਬਹੁਤ ਖੁਸ਼ੀ ਹੋ ਰਹੀ ਹੈ ਕਿ ਸਾਲ 2024 ਦੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੇ ਕੰਮਕਾਜ ਦੌਰਾਨ 998 ਵਿਦਿਆਰਥੀਆਂ ਨੇ ਦੌਰਾ ਕੀਤਾ। ਇਸੇ ਤਰ੍ਹਾਂ ਸਾਲ 2024 ਦੇ ਗੈਰ-ਸੈਸ਼ਨ ਦਿਨਾਂ ਦੌਰਾਨ 2320 ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦਾ ਦੌਰਾ ਕੀਤਾ। ਸਪੀਕਰ ਸੰਧਵਾਂ ਨੇ ਵਿਦਿਆਰਥੀਆਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕੀਤੀ। ਉਹਨਾਂ ਦੱਸਿਆ ਕਿ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਹਨਾਂ ਨੇ ਬਹੁਤ ਖੁਸ਼ੀ ਮਹਿਸੂਸ ਕੀਤੀ।

ਸੰਧਵਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਵਿਧਾਨ ਸਭਾ ਦੀ ਸੰਵਿਧਾਨਕ ਕਾਰਵਾਈ ਨੂੰ ਦੇਖ ਕੇ ਵਿਦਿਆਰਥੀਆਂ ਦਰਮਿਆਨ ਰਾਜਨੀਤੀ ਦੇ ਖੇਤਰ ਵਿੱਚ ਵੀ ਦਿਲਚਸਪੀ ਪੈਦਾ ਹੋਈ, ਜੋ ਕਿ ਦੇਸ਼ ਦੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਬਹੁਤ ਲਾਹੇਵੰਦ ਹੈ।

ਸਪੀਕਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਉਨ੍ਹਾਂ ਦਾ ਦੌਰਾ ਉਨ੍ਹਾਂ ਦੇ ਭਵਿੱਖੀ ਜੀਵਨ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ। ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦੀ ਇਮਾਰਤ ਦੇ ਅਦਭੁੱਤ ਡਿਜ਼ਾਈਨ ਅਤੇ ਆਰਕੀਟੈਕਚਰ ਨੂੰ ਦੇਖ ਕੇ ਬਹੁਤ ਹੈਰਾਨੀ ਪ੍ਰਗਟਾਈ।

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਮਨਾਇਆ

ਅੰਮ੍ਰਿਤਸਰ, 16 ਫ਼ਰਵਰੀ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ
ਦੇ ਮਹਿਲ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ। ਸੰਗਤ ਨੂੰ ਪਾਵਨ ਹੁਕਮਨਾਮਾ ਕਥਾਵਾਚਕ ਭਾਈ ਵਿਸ਼ਾਲ ਸਿੰਘ ਸਰਵਣ ਕਰਵਾਇਆ। ਭਾਈ ਵਿਸ਼ਾਲ ਸਿੰਘ ਨੇ ਸੰਗਤ ਨੂੰ ਬੀਬੀ ਭਾਨੀ ਜੀ ਦੇ ਜੀਵਨ ਤੋਂ ਜਾਣੂ ਕਰਵਾਉਂਦਿਆਂ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਨਾ ਕੀਤੀ।



ਉਨ੍ਹਾਂ ਕਿਹਾ ਕਿ ਬੀਬੀ ਭਾਨੀ ਜੀ ਦਾ ਸਾਰਾ ਜੀਵਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਸੀ। ਉਨ੍ਹਾਂ ਸਿੱਖ ਬੀਬੀਆਂ ਨੂੰ ਬੀਬੀ ਭਾਨੀ ਜੀ ਦੇ ਜੀਵਨ ਤੋਂ ਸੇਧਾਂ ਲੈ ਆਪਣੇ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਮੈਨੇਜਰ ਨਰਿੰਦਰ ਸਿੰਘ, ਮੀਤ ਮੈਨੇਜਰ ਬਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਦੇਵ ਸਿੰਘ, ਮਲਕੀਤ ਸਿੰਘ ਸੁਖਦੇਵ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can
Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕਨੇਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਜ਼ਿਆਦਾ ਇੱਛਾਵਾਂ ਕਾਰਨ ਪਰਿਵਾਰਕ ਰਿਸ਼ਤਿਆਂ ਦਾ ਬੰਧਨ ਟੁੱਟ ਜਾਂਦਾ ਹੈ

ਅੱਜ ਹਰ ਕਿਸੇ ਨੂੰ ਪਰਿਵਾਰਕ ਕਦਰਾਂ-ਕੀਮਤਾਂ ਅਤੇ ਪਰਿਵਾਰ ਨੂੰ ਇੱਕ ਸੰਸਥਾ ਵਜੋਂ ਸੋਚਣ ਦੀ ਅਤੇ ਇਨ੍ਹਾਂ ਕਦਰਾਂ-ਕੀਮਤਾਂ ਦੇ ਪਤਨ ਦੇ ਕਾਰਨਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਸੁਧਾਰਨ ਦੀ ਬਹੁਤ ਲੋੜ ਹੈ। ਇਸ ਲਈ ਸਮਾਜ ਦੇ ਆਗੂਆਂ ਜਿਵੇਂ ਕਿ
ਕਵੀਆਂ/ਲੇਖਕਾਂ/ਗਾਇਕਾਂ/ਨਾਇਕਾਵਾਂ/ਅਧਿਆਪਕਾਂ ਅਤੇ ਹੋਰ ਸਮਾਜਿਕ ਵਰਕਰਾਂ ਦੇ ਨਾਲ-ਨਾਲ ਸਿਆਸਤਦਾਨਾਂ ਨੂੰ ਇੱਕ ਸੰਸਥਾ ਦੇ ਰੂਪ ਵਿੱਚ ਪਰਿਵਾਰ ਦੇ ਪਤਨ ਦੇ ਪ੍ਰਭਾਵਾਂ ਬਾਰੇ ਲਿਖਣਾ ਅਤੇ ਸੋਚਣਾ ਚਾਹੀਦਾ ਹੈ। ਇਸ ਗਿਰਾਵਟ ਦੇ ਪਿੱਛੇ ਕੀ ਕਾਰਨ ਹਨ, ਇਸ ਬਾਰੇ ਖੁੱਲ੍ਹੀ ਚਰਚਾ ਹੋਣੀ ਚਾਹੀਦੀ ਹੈ। ਅਤੇ ਅਸੀਂ ਇਸ ਗਿਰਾਵਟ ਤੋਂ ਕਿਵੇਂ ਉਭਰ ਸਕਦੇ ਹਾਂ? ਨੌਜਵਾਨ ਕਵੀ ਡਾ. ਸੱਤਿਆਵਾਨ ਸੌਰਭ ਨੇ ਇਸ ਸਥਿਤੀ ਬਾਰੇ ਆਪਣੇ ਸ਼ਬਦਾਂ ਵਿੱਚ ਸਹੀ ਲਿਖਿਆ ਹੈ-

"ਪਰਿਵਾਰ ਟੁੱਟ ਰਹੇ ਹਨ, ਮੂਡ ਬਦਲ ਰਹੇ ਹਨ। ਅਜਨਬੀਆਂ ਨੂੰ ਪਿਆਰ ਦਾ ਇਜ਼ਹਾਰ ਕਰਨਾ, ਅਜ਼ੀਜ਼ਾਂ ਤੋਂ ਵਿਛੋੜਾ।
ਸਾਰੇ ਚੁੱਲ੍ਹੇ ਟੁੱਟ ਰਹੇ ਹਨ, ਵਿਹੜਾ ਹਰ ਰੋਜ਼ ਸੁੰਗੜਦਾ ਜਾ ਰਿਹਾ ਹੈ। ਇਹ ਨਵੀਂ ਸਦੀ ਕੀ ਕਰ ਰਹੀ ਹੈ, ਸੌਰਭ, ਇਹ ਕਿਹੋ ਜਿਹੀ ਖੋਜ ਹੈ।"

ਭਾਰਤੀ ਸਮਾਜ ਵਿੱਚ ਪਰਿਵਾਰ ਆਪਣੇ ਆਪ ਵਿੱਚ ਇੱਕ ਸੰਸਥਾ ਹੈ ਅਤੇ ਪ੍ਰਾਚੀਨ ਸਮੇਂ ਤੋਂ ਭਾਰਤ ਦੇ ਸਮੂਹਿਕ ਸੱਭਿਆਚਾਰ ਦਾ ਇੱਕ ਵਿਲੱਖਣ ਪ੍ਰਤੀਕ ਹੈ। ਨੈਤਿਕ ਤਾਕਤ ਦੇ ਨਾਲ, ਇਹ ਵਿਅਕਤੀ ਨੂੰ ਮੁਸ਼ਕਲ ਸਮੇਂ ਦੌਰਾਨ ਬਿਨਾਂ ਕਿਸੇ ਝਿਜਕ ਦੇ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ 'ਤੇ ਭਰੋਸਾ ਕਰਨ ਦੀ ਲਚਕਤਾ ਵੀ ਪ੍ਰਦਾਨ ਕਰਦਾ ਹੈ। ਇਹ ਮੁਸ਼ਕਲਾਂ ਨਾਲ
ਨਜਿੱਠਣ ਲਈ ਅਨੈਤਿਕ ਸਾਧਨਾਂ ਦੀ ਵਰਤੋਂ ਤੋਂ ਬਚਦਾ ਹੈ। ਪਰਿਵਾਰ ਲੋਕਾਂ ਨੂੰ ਦੁਨਿਆਵੀ ਸਮੱਸਿਆਵਾਂ ਪ੍ਰਤੀ ਇੱਕ ਔਰਤ ਵਰਗਾ ਨਜ਼ਰੀਆ ਵਿਕਸਤ ਕਰਨ ਵਿੱਚ ਮਦਦ ਕਰਦਾ ਹੈ। ਪਰ ਮੌਜੂਦਾ ਸਮੇਂ ਵਿੱਚ ਅਸੀਂ ਇੱਕ ਸੰਸਥਾ

ਪਿਛਲੇ ਕੁਝ ਸਮੇਂ ਵਿੱਚ ਪਰਿਵਾਰਕ ਢਾਂਚੇ ਵਿੱਚ ਬਹੁਤ ਬਦਲਾਅ ਆਇਆ ਹੈ। ਪਰ ਪਰਿਵਾਰਾਂ ਦੀ ਨੀਂਹ ਦਾ ਇਸ ਤਰ੍ਹਾਂ ਦਾ ਕਮਜ਼ੋਰ ਹੋਣਾ ਕਈ ਚੀਜ਼ਾਂ 'ਤੇ ਨਿਰਭਰ ਹੋ ਗਿਆ ਹੈ। ਬਹੁਤ ਜ਼ਿਆਦਾ ਮਹੱਤਵਾਕਾਂਖੀ ਹੋਣਾ ਟੁੱਟੇ ਹੋਏ ਰਿਸ਼ਤਿਆਂ ਦਾ ਮੁੱਖ ਕਾਰਨ ਹੈ। ਜਦੋਂ ਪਰਿਵਾਰਾਂ ਦੇ ਅੰਦਰ ਮੁਕਾਬਲਾ ਪੈਦਾ ਹੋਣਾ ਸ਼ੁਰੂ ਹੋ ਜਾਂਦਾ ਹੈ ਅਤੇ ਆਪਸੀ ਮੁਕਾਬਲੇ ਦੀ ਭਾਵਨਾ ਇੱਕ ਦੂਜੇ ਦੀ ਖੁਸ਼ੀ ਅਤੇ ਦੁੱਖ ਨਾਲੋਂ ਵੱਧ ਮਹੱਤਵਪੂਰਨ ਹੋ ਜਾਂਦੀ ਹੈ।

ਇਹ ਸਮਝਣ ਲਈ ਕਿ ਕੋਈ ਪਰਿਵਾਰ ਜਾਂ ਰਿਸ਼ਤਾ ਆਖਰੀ ਸਾਹ ਲੈ ਰਿਹਾ ਹੈ। ਪਰਿਵਾਰ ਟੁੱਟਣ ਦੇ ਕਾਰਨ ਅਚਾਨਕ ਪੈਦਾ ਨਹੀਂ ਹੁੰਦੇ। ਕਈ ਵਾਰ ਹੋਰ ਸਮੱਸਿਆਵਾਂ ਵੀ ਪੈਦਾ ਹੋ ਸਕਦੀਆਂ ਹਨ ਜਿਵੇਂ ਕਿ ਪੈਸਾ, ਜਾਇਦਾਦ, ਪਸੰਦ-ਨਾਪਸੰਦ ਆਦਿ। ਅਕਸਰ, ਛੋਟੀਆਂ-ਛੋਟੀਆਂ ਲੜਾਈਆਂ, ਕਿਸੇ ਮੈਂਬਰ ਦੀ ਲਾਪਰਵਾਹੀ ਆਦਿ ਕਾਰਨ ਪਰਿਵਾਰਾਂ ਵਿੱਚ ਕਲੇਸ਼ ਹੁੰਦਾ ਹੈ। ਪਰ ਜੋ ਵੀ ਹੈ, ਪਰਿਵਾਰ ਸਭ ਤੋਂ ਵੱਡੇ ਸਹਾਇਤਾ ਪ੍ਰਣਾਲੀਆਂ ਵਿੱਚੋਂ ਇੱਕ ਹੈ। ਇਸ ਲਈ, ਪਰਿਵਾਰ ਦੀ ਮੂਲ ਧਾਰਨਾ ਨੂੰ ਜ਼ਿੰਦਾ ਰੱਖਣ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ ਅਤੇ ਇਸਨੂੰ ਸਿਰਫ਼ ਪੁਰਸ਼ ਦਿਵਸ, ਪਿਤਾ ਦਿਵਸ ਜਾਂ ਸੋਸ਼ਲ ਮੀਡੀਆ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ।



-ਪ੍ਰਿਯੰਕਾ ਸੌਰਭ

ਦੇ ਰੂਪ ਵਿੱਚ ਪਰਿਵਾਰ ਦੇ ਪਤਨ ਦੇ ਕੌੜੇ ਅਨੁਭਵ ਦਾ ਸਾਹਮਣਾ ਕਰ ਰਹੇ ਹਾਂ।
"ਹਰ ਘਰ ਵਿੱਚ ਕਲੇਸ਼ ਹੈ, ਹੁਣ ਕੋਈ ਪਿਆਰ ਨਹੀਂ ਬਚਿਆ।" ਵੰਡ ਅਤੇ ਝਗੜੇ ਨੇ ਹਰ ਵਿਹੜੇ ਵਿੱਚ ਕੰਧਾਂ ਖਿੱਚੀਆਂ ਹਨ। ਪਿਆਰ ਅਤੇ ਅਸੀਸਾਂ ਵਿਚਕਾਰ ਇੱਕ ਟਕਰਾਅ ਹੈ। ਇੱਛਾਵਾਂ ਦਾ ਬਾਗ਼ ਈਰਖਾ ਦੀ ਕੁੜੱਤਣ ਨਾਲ ਭਰਿਆ ਹੋਇਆ ਹੈ।"
ਪਤਨ ਦੇ ਪ੍ਰਤੀਕ ਵਜੋਂ, ਅੱਜ ਪਰਿਵਾਰ ਟੁੱਟ ਰਿਹਾ ਹੈ, ਵਿਆਹੁਤਾ ਰਿਸ਼ਤੇ ਟੁੱਟ ਰਹੇ ਹਨ, ਭਰਾਵਾਂ ਵਿੱਚ ਦੁਸ਼ਮਣੀ ਅਤੇ ਹਰ ਤਰ੍ਹਾਂ ਦੇ ਰਿਸ਼ਤਿਆਂ ਵਿੱਚ ਕਾਨੂੰਨੀ ਅਤੇ ਸਮਾਜਿਕ ਝਗੜੇ ਵਧ ਗਏ ਹਨ। ਅੱਜ ਵਿਅਕਤੀਵਾਦ ਸਮੂਹਿਕਤਾ ਉੱਤੇ ਹਾਵੀ ਹੋ ਗਿਆ ਹੈ।
ਮੌਜੂਦਾ ਸਥਿਤੀ ਵਿੱਚ, ਭੜਕਾਊ ਰਵੱਈਆ ਪਰਿਵਾਰਾਂ ਦੇ ਟੁੱਟਣ ਦਾ ਮੁੱਖ ਕਾਰਨ ਹੈ। ਝੱਦ ਆਮਦਨ ਅਤੇ ਪਰਿਵਾਰ ਦੇ ਦੂਜੇ ਮੈਂਬਰਾਂ ਪ੍ਰਤੀ ਘੱਟ ਜ਼ੁੰਮੇਵਾਰੀ ਨੇ ਵਿਸਤ੍ਰਿਤ ਪਰਿਵਾਰਾਂ ਨੂੰ ਵੰਡ ਦਿੱਤਾ ਹੈ। ਅੱਜ ਜ਼ਿਆਦਾਤਰ ਸਮਾਜਿਕ ਗਤੀਵਿਧੀਆਂ, ਜਿਵੇਂ ਕਿ ਬੱਚਿਆਂ ਦੀ ਪਰਵਰਿਸ਼, ਸਿੱਖਿਆ, ਕਿੱਤਾਮੁਖੀ ਸਿਖਲਾਈ, ਬਜ਼ੁਰਗਾਂ ਦੀ ਦੇਖਭਾਲ, ਆਦਿ, ਬਾਹਰੀ ਏਜੰਸੀਆਂ, ਜਿਵੇਂ ਕਿ ਕਰੈਚ, ਮੀਡੀਆ, ਨਰਸਰੀ ਸਕੂਲ, ਹਸਪਤਾਲ, ਕਿੱਤਾਮੁਖੀ ਸਿਖਲਾਈ ਕੇਂਦਰ, ਧਰਮਸ਼ਾਲਾ ਸੰਸਥਾਵਾਂ, ਨੇ ਠੇਕੇਦਾਰਾਂ ਵਜੋਂ ਕੰਮ ਸੰਭਾਲ ਲਿਆ ਹੈ ਜੋ ਕਦੇ ਪਰਿਵਾਰ ਦੇ ਬਜ਼ੁਰਗਾਂ ਦੀ ਜ਼ੁੰਮੇਵਾਰੀ ਹੁੰਦੀ ਸੀ।
"ਬਜ਼ੁਰਗ ਗੱਲ ਨਹੀਂ ਕਰਦੇ, ਛੋਟੇ ਲੋਕਾਂ ਦੇ ਹੱਕ ਹੁੰਦੇ ਹਨ। ਪੈਰ ਛੱਡ ਕੇ ਗੋਡਿਆਂ ਨੂੰ ਛੂਹਣਾ, ਇਹ ਕਿਹੋ ਜਿਹੀ ਪਰੰਪਰਾ ਹੈ? ਹੁਣ ਪਿਆਰ ਦਾ ਬੰਧਨ ਕਿੱਥੇ ਹੈ, ਮਿਲਾਪ ਦਾ ਸਾਰ ਕਿੱਥੇ ਹੈ। ਪਰਿਵਾਰ ਦੇ ਮੈਂਬਰ ਖੁਦ ਦੁਸ਼ਮਣ ਬਣ ਗਏ ਹਨ, ਉਹ ਗੁਪਤ ਰੂਪ ਵਿੱਚ ਹਮਲਾ ਕਰਦੇ ਹਨ।"

ਪਰਿਵਾਰ ਦੀ ਸੰਸਥਾ ਦੇ ਢਹਿ ਜਾਣ ਨਾਲ ਸਾਡੇ ਭਾਵਨਾਤਮਕ ਰਿਸ਼ਤਿਆਂ ਵਿੱਚ ਰੁਕਾਵਟਾਂ ਪੈਦਾ ਹੋ ਗਈਆਂ ਹਨ। ਪਰਿਵਾਰ ਵਿੱਚ ਬੰਧਨ ਆਪਸੀ ਪਿਆਰ ਅਤੇ ਖੂਨ ਦਾ ਰਿਸ਼ਤਾ ਹੁੰਦਾ ਹੈ। ਪਰਿਵਾਰ ਇੱਕ ਬੰਦ ਇਕਾਈ ਹੈ ਜੋ ਭਾਵਨਾਤਮਕ ਸਬੰਧਾਂ ਕਾਰਨ ਸਾਨੂੰ ਇਕੱਠੇ ਰੱਖਦੀ ਹੈ। ਨੈਤਿਕ ਗਿਰਾਵਟ ਪਰਿਵਾਰਕ ਟੁੱਟਣ ਦਾ ਇੱਕ ਵੱਡਾ ਕਾਰਕ ਹੈ ਕਿਉਂਕਿ ਇਹ ਬੱਚਿਆਂ ਵਿੱਚ ਸਵੈ-ਮਾਣ ਅਤੇ ਦੂਜਿਆਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਵਿੱਚ ਅਸਫਲ ਰਹਿੰਦੀ ਹੈ। ਅੱਜ, ਅਹੁਦੇ ਅਤੇ ਪੈਸੇ ਦੀ ਅੰਨ੍ਹੀ ਦੌੜ ਕਾਰਨ, ਸਮਾਜਿਕ-ਆਰਥਿਕ ਸਹਿਯੋਗ ਅਤੇ ਸਹਾਇਤਾ ਖਤਮ ਹੋ ਗਈ ਹੈ। ਪਰਿਵਾਰ ਆਪਣੇ ਮੈਂਬਰਾਂ, ਖਾਸ ਕਰਕੇ ਨਵਜੰਮੇ ਬੱਚਿਆਂ ਅਤੇ ਬੱਚਿਆਂ ਦੇ ਵਾਧੇ ਅਤੇ ਵਿਕਾਸ ਲਈ ਲੋੜੀਂਦੀ ਵਿੱਤੀ ਅਤੇ ਭੌਤਿਕ ਸਹਾਇਤਾ ਪ੍ਰਦਾਨ ਕਰਨ ਤੱਕ ਸੀਮਤ ਹੋ ਗਏ ਹਨ। ਹਰ ਰੋਜ਼ ਅਸੀਂ ਸੁਣਦੇ ਅਤੇ ਦੇਖਦੇ ਹਾਂ ਕਿ ਬਜ਼ੁਰਗਾਂ ਸਮੇਤ ਹੋਰ ਨਿਰਭਰ ਲੋਕਾਂ ਦੀ ਦੇਖਭਾਲ ਕਰਨ ਵਿੱਚ ਅਸਮਰੱਥ ਅਤੇ ਕਮਜ਼ੋਰ ਪਰਿਵਾਰਕ ਪ੍ਰਣਾਲੀ ਢਹਿ ਗਈ ਹੈ ਜਦੋਂ ਉਨ੍ਹਾਂ ਨੂੰ ਬਹੁਤ ਜ਼ਿਆਦਾ ਦੇਖਭਾਲ ਅਤੇ ਪਿਆਰ ਦੀ ਲੋੜ ਹੁੰਦੀ ਹੈ।

ਭਵਿੱਖ ਵਿੱਚ ਇੱਕ ਸੰਸਥਾ ਦੇ ਰੂਪ ਵਿੱਚ ਪਰਿਵਾਰ ਦੇ ਪਤਨ ਨਾਲ ਸਮਾਜ ਵਿੱਚ ਢਾਂਚਾਗਤ ਬਦਲਾਅ ਆਉਣਗੇ। ਸਕਾਰਾਤਮਕ ਪੱਖ ਤੋਂ, ਭਾਰਤੀ ਸਮਾਜ ਵਿੱਚ ਆਬਾਦੀ ਵਾਧੇ ਵਿੱਚ ਗਿਰਾਵਟ ਆ ਸਕਦੀ ਹੈ ਅਤੇ ਨਤੀਜੇ ਵਜੋਂ, ਇੱਕ ਸੰਸਥਾ ਦੇ ਰੂਪ ਵਿੱਚ ਪਰਿਵਾਰ ਵਿੱਚ ਗਿਰਾਵਟ ਆ ਸਕਦੀ ਹੈ। ਹਾਲਾਂਕਿ, ਸੰਯੁਕਤ ਪਰਿਵਾਰ ਤੋਂ ਲੈ ਕੇ ਹੁਣ ਤੱਕ ਪਰਿਵਾਰ ਵਿੱਚ ਹੋਏ
ਢਾਂਚਾਗਤ ਬਦਲਾਅ ਨੂੰ ਸਮਝਣ ਦੀ ਲੋੜ ਹੈ, ਕੁਝ ਮਾਮਲਿਆਂ ਵਿੱਚ ਇਸਨੂੰ ਪਰਿਵਾਰ ਪ੍ਰਣਾਲੀ ਦਾ ਪਤਨ ਨਹੀਂ ਕਿਹਾ ਜਾ ਸਕਦਾ। ਜਿੱਥੇ ਪਰਿਵਾਰਕ ਪ੍ਰਣਾਲੀ ਕੁਝ ਸਕਾਰਾਤਮਕ ਬਦਲਾਅ ਲਈ ਸੰਯੁਕਤ ਪਰਿਵਾਰ ਤੋਂ ਪ੍ਰਮਾਣੂ ਪਰਿਵਾਰ 1ਵਿੱਚ ਬਦਲ ਜਾਂਦੀ ਹੈ। ਵੈਸੇ ਵੀ ਭਾਰਤੀ ਸਮਾਜ ਵਿੱਚ ਪਰਿਵਾਰਕ ਮਿਲਾਪ ਅਤੇ ਵਿਖੰਡਨ ਦੀ ਇੱਕ ਵਿਲੱਖਣ ਵਿਸ਼ੇਸ਼ਤਾ ਵੀ ਹੈ ਜਿਸ ਵਿੱਚ ਭਾਵੇਂ ਪਰਿਵਾਰ ਦੇ ਕੁਝ ਮੈਂਬਰ ਵੱਖ-ਵੱਖ ਥਾਵਾਂ 'ਤੇ ਵੱਖਰੇ ਤੌਰ 'ਤੇ ਰਹਿੰਦੇ ਹਨ, ਫਿਰ ਵੀ ਉਹ ਇੱਕ ਪਰਿਵਾਰ ਵਾਂਗ ਰਹਿੰਦੇ ਹਨ।
"ਜੇਕਰ ਪਰਿਵਾਰ ਬਚ ਜਾਂਦਾ ਹੈ ਤਾਂ ਸਦਭਾਵਨਾ ਬਣਾਈ ਰਹਿੰਦੀ ਹੈ।" ਦੁੱਖ ਵਿੱਚ ਸਾਰੇ ਇਕੱਠੇ ਹੁੰਦੇ ਹਨ, ਅਤੇ ਖੁਸ਼ੀ ਵਿੱਚ ਹਰ ਕੋਈ ਪਿਆਰਾ ਹੁੰਦਾ ਹੈ। ਜੇਕਰ ਕੋਈ ਤੀਜਾ ਵਿਅਕਤੀ ਹਮਲਾ ਕਰਦਾ ਹੈ, ਸੌਰਭ ਜਦੋਂ ਵੀ।
ਪਰਿਵਾਰ ਨਾਲ ਰਹੋ ਅਤੇ ਸਾਰੇ ਝਗੜੇ ਪਿੱਛੇ ਛੱਡ ਦਿਓ।"

ਪਰਿਵਾਰ ਇੱਕ ਬਹੁਤ ਹੀ ਤਰਲ ਸਮਾਜਿਕ ਸੰਸਥਾ ਹੈ ਅਤੇ ਨਿਰੰਤਰ ਤਬਦੀਲੀ ਦੀ ਪ੍ਰਕਿਰਿਆ ਵਿੱਚ ਹੈ। ਆਧੁਨਿਕਤਾ ਸਮਲਿੰਗੀ ਜੋੜਿਆਂ ( ਰਿਸ਼ਤੇ), ਸਹਿ-ਰਹਿਤ ਜਾਂ ਲਿਵ-ਇਨ ਸਬੰਧਾਂ, ਸਿੰਗਲ-ਮਾਪਿਆਂ ਵਾਲੇ ਘਰਾਂ, ਇਕੱਲੇ ਜਾਂ ਆਪਣੇ ਬੱਚਿਆਂ ਨਾਲ ਰਹਿਣ ਵਾਲੇ ਤਲਾਕਸ਼ੁਦਾ ਲੋਕਾਂ ਦੇ ਇੱਕ ਵੱਡੇ ਹਿੱਸੇ ਦੇ ਉਭਾਰ ਨੂੰ ਦੇਖ ਰਹੀ ਹੈ। ਅਜਿਹੇ ਪਰਿਵਾਰ ਜ਼ਰੂਰੀ ਤੌਰ 'ਤੇ ਰਵਾਇਤੀ ਰਿਸ਼ਤੇਦਾਰੀ ਸਮੂਹਾਂ ਵਜੋਂ ਕੰਮ ਨਹੀਂ ਕਰਦੇ ਅਤੇ ਸਮਾਜੀਕਰਨ ਲਈ ਚੰਗੀਆਂ ਸੰਸਥਾਵਾਂ ਨਹੀਂ ਹੋ ਸਕਦੀਆਂ। ਇਸ ਭੌਤਿਕਵਾਦੀ ਯੁੱਗ ਵਿੱਚ, ਇੱਕ ਦੂਜੇ ਦੇ ਸੁੱਖ-ਸਹੂਲਤਾਂ ਲਈ ਮੁਕਾਬਲੇ ਨੇ ਮਨ ਦੇ ਰਿਸ਼ਤਿਆਂ ਨੂੰ ਸਾੜ ਦਿੱਤਾ ਹੈ।

ਮਿੱਟੀ ਦੇ ਘਰਾਂ ਤੋਂ ਕੰਕਰੀਟ ਦੇ ਘਰਾਂ ਵਿੱਚ ਬਦਲਦੇ ਘਰਾਂ ਦੀਆਂ ਉੱਚੀਆਂ ਕੰਧਾਂ ਨੇ ਆਪਸੀ ਗੱਲਬਾਤ ਨੂੰ ਅਲੋਪ ਕਰ ਦਿੱਤਾ ਹੈ। ਹਰ ਵਿਹੜੇ ਵਿੱਚ ਜਿੱਥੇ ਪੱਥਰ ਹਨ, ਉੱਥੇ ਝਗੜੇ ਅਤੇ ਝਗੜੇ ਦਾ ਇੱਕ ਨੰਗਾ ਨਾਚ ਹੈ। ਆਪਸੀ ਮਤਭੇਦਾਂ ਨੇ ਦਿਲਾਂ ਵਿੱਚ ਡੂੰਘੀਆਂ ਫੁੱਟਾਂ ਪੈਦਾ ਕਰ ਦਿੱਤੀਆਂ ਹਨ। ਬਜ਼ੁਰਗਾਂ ਤੋਂ ਚੰਗੀਆਂ ਸਿੱਖਿਆਵਾਂ ਦੀ ਘਾਟ ਕਾਰਨ, ਘਰਾਂ ਦੇ ਲੋਕ ਛੋਟੇ-ਛੋਟੇ ਰਿਸ਼ਤਿਆਂ ਨੂੰ ਨਜ਼ਰਅੰਦਾਜ਼ ਕਰਕੇ ਫੈਸਲੇ ਲੈਣ ਲੱਗ ਪਏ ਹਨ। ਨਤੀਜੇ ਵਜੋਂ, ਅੱਜ ਪਰਿਵਾਰ ਦੇ ਮੈਂਬਰ ਖੁਦ ਹੀ ਆਪਣੇ ਲੋਕਾਂ ਨੂੰ ਮਾਰਨ 'ਤੇ ਤੁਲੇ ਹੋਏ ਹਨ। ਇੱਕ ਪਾਸੇ ਗੁਆਂਢੀ ਖੁਸ਼ੀ ਦਾ ਆਨੰਦ ਮਾਣ ਰਹੇ ਹਨ ਤਾਂ ਦੂਜੇ ਪਾਸੇ, ਦੁੱਖ ਇਕੱਲੇ ਹੀ ਝੱਲਣਾ ਪੈ ਰਿਹਾ ਹੈ। ਸਾਨੂੰ ਇਹ ਸੋਚਣਾ ਅਤੇ ਸਮਝਣਾ ਪਵੇਗਾ ਕਿ ਜੇਕਰ ਅਸੀਂ ਇੱਕ ਅਰਥਪੂਰਨ ਜੀਵਨ ਜਿਊਣਾ ਚਾਹੁੰਦੇ ਹਾਂ ਤਾਂ ਸਾਨੂੰ ਪਰਿਵਾਰ ਦੀ ਮਹੱਤਤਾ ਨੂੰ ਸਮਝਣਾ ਪਵੇਗਾ ਅਤੇ ਆਪਣੇ ਆਪਸੀ ਝਗੜਿਆਂ ਨੂੰ ਇੱਕ ਪਾਸੇ ਰੱਖ ਕੇ, ਸਾਨੂੰ ਪਰਿਵਾਰ ਦੇ ਨਾਲ ਖੜ੍ਹਾ ਹੋਣਾ ਪਵੇਗਾ, ਤਾਂ ਹੀ ਅਸੀਂ ਬਚ ਸਕਾਂਗੇ ਅਤੇ ਇਹ ਸਮਾਜ ਜਿਉਣ ਦੇ ਯੋਗ ਹੋਵੇਗਾ।










